



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।





ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ   www.fatehtimesmedia.com   Email- fatehtimes1699@gmail.com

ਰਜਿ ਨੰ : ਪੀ ਬੀ 22000167   ਫਤਿਹਾਬਾਦ , ਮੰਗਲਵਾਰ 2 ਜੂਨ 2026, ਨਾਨਕਸ਼ਾਹੀ 19 ਜੇਠ, ਸੰਮਤ 558   ਸਾਲ: 5, ਅੰਕ 38 , ਪੰਨੇ: 4, ਮੁੱਲ: 4 ਰੁਪਏ


## ਜੂਨ 84 ਦੇ ਫ਼ੌਜੀ ਹਮਲੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸਮਾਗਮ ਹੋਇਆ

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼

**ਜੂਨ 84 ਦੇ ਹਮਲੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ**

ਅੰਮ੍ਰਿਤਸਰ, 1 ਜੂਨ (ਸੰਧਾ) ਜਥੇਦਾਰ ਹਵਾਰਾ ਕਮੇਟੀ ਨੇ ਸ਼੍ਰੋਮਣੀ ਕਮੇਟੀ, ਮੈਨੇਜਰ ਸ੍ਰੀ ਦਰਬਾਰ ਸਾਹਿਬ,ਅਖੰਡ ਕੀਰਤਨੀ ਜਥਾ ਅਤੇ ਪੰਥਕ ਜਥੇਬੰਦੀਆਂ ਦੇ ਸਹਿਯੋਗ ਨਾਲ ਭਾਰਤੀ ਫੌਜ ਵੱਲੋਂ ਜੂਨ 84 ਦੇ ਹਮਲੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ ਗੁ.ਬਾਬਾ ਅਟੱਲ ਰਾਇ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਅਖੰਡ ਕੀਰਤਨੀ ਜਥਾ, ਸ਼੍ਰੋਮਣੀ ਅਕਾਲੀ ਦਲ



ਅੰਮ੍ਰਿਤਸਰ, ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਅਤੇ ਦਲ ਖ਼ਾਲਸਾ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਦੀਪ ਸਿੰਘ ਅਤੇ ਭਾਈ ਹਰਸਿਮਰਨਜੀਤ ਸਿੰਘ ਦੇ ਜੱਥਿਆਂ ਨੇ ਸ਼ਬਦ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸੱਚਖੰਡ ਸ਼੍ਰੀ ਦਰਬਾਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਪ੍ਰਵਿੰਦਰਪਾਲ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਅਤੇ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾਜਲੀ ਦਿੱਤੀ ।

ਇਸ ਮੌਕੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਵਿੱਚ ਦਵਿੰਦਰ ਸਿੰਘ , ਬੇਅੰਤ ਸਿੰਘ ਖਿਆਲਾ, ਸਤਵੰਤ ਸਿੰਘ, ਮਹਾਂਬੀਰ ਸਿੰਘ ਸੁਲਤਾਨਵਿੰਡ, ਹਰਦੀਪ ਸਿੰਘ, ਬੀਬੀ ਮਨਿੰਦਰ ਕੌਰ, ਸਰਬਜੀਤ ਸਿੰਘ ਸ਼ਾਮਲ ਹਨ। ਉਪਰੰਤ ਸੰਗਤਾਂ ਸ਼੍ਰੀ ਅਕਾਲ ਤਖਤ ਸਾਹਿਬ ਵਿੱਖੇ ਨਤਮਸਤਕ ਹੋਈਆਂ ਜਿੱਥੇ ਭਾਈ ਸਤਨਾਮ ਸਿੰਘ ਝੰਝੀਆਂ ਨੇ ਸ਼ਹੀਦਾਂ ਦੇ ਨਮਿਤ ਅਰਦਾਸ ਕੀਤੀ। ਪ੍ਰੋ. ਬਲਜਿੰਦਰ ਸਿੰਘ ਨੇ ਦੱਸਿਆ ਇਸ ਮੌਕੇ ਤੇ ਜੱਥੇਦਾਰ ਬਖਸ਼ੀਸ਼ ਸਿੰਘ, ਪੰਜ ਪਿਆਰੇ ਸਤਨਾਮ ਸਿੰਘ ਖੰਡਾ, ਤਰਲੋਕ ਸਿੰਘ, ਬਾਪੂ ਗੁਰਚਰਨ ਸਿੰਘ, ਜੈਅ ਸਿੰਘ ਮੀਤ ਮੈਨੇਜਰ ਦਰਬਾਰ ਸਾਹਿਬ, ਰਜਿੰਦਰ ਸਿੰਘ ਮੁਗਲਵਾਲ, ਬਲਦੇਵ ਸਿੰਘ ਨਵਾਂਪਿੰਡ, ਪ੍ਰਗਟ ਸਿੰਘ ਚੋਗਾਵਾਂ, ਸਵਰਨਜੀਤ ਸਿੰਘ ਕੁਰਲੀਆ, ਉਪਕਾਰ ਸਿੰਘ ਸੰਧੂ, ਨਰਿੰਦਰ ਸਿੰਘ ਗਿੱਲ, ਪ੍ਰਤਾਪ ਸਿੰਘ ਕਾਲੀਆਂ, ਡਾ ਸੁਖਦੇਵ ਸਿੰਘ ਬਾਬਾ, ਰਘਬੀਰ ਸਿੰਘ ਭੁੱਚਰ, ਸਤਜੋਤ (ਬਾਕੀ ਸਫਾ 2 ਤੇ)

## ਸੋਚ ਦੀ ਤਾਕਤ ਬੜੀ ਵੱਡੀ ਏ।

**ਸਰਬਜੋਤ ਸਿੰਘ ਸੰਧਾ**

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼

ਇਨਸਾਨ ਦੀ ਸੋਚ ਏਨੀ ਤਾਕਤਵਰ ਹੈ ਕਿ ਜੇਕਰ ਉਹ ਕੁਝ ਚੰਗਾ ਸੋਚਣਾ ਸ਼ੁਰੂ ਕਰ ਦੇਵੇ ਤਾਂ ਉਹ ਹਰ ਮੰਜ਼ਿਲ ਨੂੰ ਸਰ ਕਰ ਸਕਦਾ ਹੈ ਪਰੰਤੂ ਇਸ ਦੇ ਉਲਟ ਜੇਕਰ ਉਹ ਕੁਝ ਗਲਤ ਸੋਚਣਾ ਸ਼ੁਰੂ ਕਰ ਦੇਵੇ ਤਾਂ ਉਹ ਨਾ ਪੱਖੀ ਵਿਚਾਰਾਂ ਦੇ ਨਾਲ ਉਹੀ ਕੁਝ ਕਰ ਲੈਂਦਾ ਹੈ ਜ਼ੋ ਉਸ ਨੇ ਮਾੜਾ ਸੋਚਿਆ ਹੁੰਦਾ ਹੈ। ਅੱਜ ਦੇ ਦੌਰ ਵਿਚ ਜ਼ਿਆਦਾਤਰ ਲੋਕ ਨਾ ਪੱਖੀ ਵਿਚਾਰਾਂ ਨੂੰ ਨਾਲ ਲਈ ਫਿਰਦੇ ਨੇ ਜਿਸ ਕਰਕੇ ਨਕਰਾਤਮਕ ਊਰਜਾ ਦਾ ਘੇਰਾ ਉਨ੍ਹਾਂ ਦੁਆਲੇ ਹੋਣ ਕਰਕੇ ਨਾ ਪੱਖੀ ਵਿਚਾਰਾਂ ਦਾ ਹੀ ਬੋਲਬਾਲਾ ਰਹਿੰਦਾ ਹੈ। ਇਹ ਗੱਲਾਂ ਸਿਰਫ ਕਹਿਣ ਨਾਲ ਨਹੀਂ ਹਨ ਇਹ ਰੋਜ਼ਮੱਰਾ ਦੀ ਜ਼ਿੰਦਗੀ ਵਿਚ ਆਮ ਦੇਖਣ ਨੂੰ ਮਿਲਦੀਆਂ ਹਨ। ਤੁਸੀ ਇਨਸਾਨ ਦੇ ਸੋਹਣੇ ਚਿਹਰੇ ਤੋਂ ਅੰਦਾਜ਼ਾ ਨਹੀਂ ਲਗਾ ਸਕਦੇ ਕੇ ਉਹ ਕਿਹੜੀ ਊਰਜਾ ਲਈ ਫਿਰਦਾ ਹੈ ਇਹ ਸਿਰਫ ਉਸ ਨਾਲ ਵਰਤਣ ਤੇ ਹੀ ਪਤਾ ਲਗਦਾ ਹੈ

## ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮਹਿਲਾ ਵਿੰਗ ਨੂੰ ਮਜ਼ਬੂਤ ਕਰਨ ਲਈ ਹੋਈ ਪਹਿਲੀ ਸੂਬਾ ਪੱਧਰੀ ਮੀਟਿੰਗ

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼

**ਜਿਲੇਵਾਰ ਨਿਯੁਕਤੀਆਂ ਕਰਕੇ ਇਸਤਰੀ ਵਿੰਗ ਨੂੰ ਕੀਤਾ ਜਾਵੇਗਾ ਹੋਰ ਮਜਬੂਤ : ਬਾਬੂ ਸਿੰਘ ਬਰਾੜ**

ਲੁਧਿਆਣਾ, 1 ਜੂਨ (ਸੰਧਾ) ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਸੂਬਾ ਕਮੇਟੀ ( ਮਹਿਲਾ ਵਿੰਗ ) ਦੀ ਪਹਿਲੀ ਸੂਬਾ ਪੱਧਰੀ ਮੀਟਿੰਗ ਅੱਜ ਪੈਲੇਸ ਸੈਲੀਬ੍ਰੇਸ਼ਨ ਪਲਾਜ਼ਾ, ਲੁਧਿਆਣਾ ਵਿਖੇ ਹੋਈ। ਇਹ ਮੀਟਿੰਗ ਪਾਰਟੀ ਦੀ ਮਹਿਲਾ ਵਿੰਗ ਨੂੰ ਸੰਗਠਨਾਤਮਕ ਤੌਰ 'ਤੇ ਹੋਰ ਮਜ਼ਬੂਤ ਕਰਨ, ਬੀਬੀਆਂ ਦੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਅਤੇ ਪੰਥਕ ਤੇ ਸਮਾਜਿਕ ਮੁੱਦਿਆਂ 'ਤੇ ਇਸਤਰੀ ਸ਼ਕਤੀ ਦੀ ਭੂਮਿਕਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਕੀਤੀ ਗਈ। ਮੀਟਿੰਗ ਦੀ ਅਗਵਾਈ



ਸੀਨੀਅਰ ਆਗੂਆਂ ਸ੍ਰ. ਸ੍ਰ. ਬਾਬੂ ਸਿੰਘ ਬਰਾੜ ਅਤੇ ਸ੍ਰ. ਕਾਬਲ ਸਿੰਘ ਜੀ ਵੱਲੋਂ ਕੀਤੀ ਗਈ ਅਤੇ ਇਸ ਮੀਟਿੰਗ ਵਿੱਚ ਉਚੇਚੇ ਤੌਰ ਤੇ ਸ੍ਰ ਮਨਪ੍ਰੀਤ ਇਆਲੀ ਵੀ ਪਹੁੰਚੇ। ਇਸ ਮੌਕੇ ਸੀਨੀਅਰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿੱਖ ਪੰਥ, ਪੰਜਾਬ ਅਤੇ ਪੰਜਾਬੀਅਤ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਮਿਸ਼ਨ ਵਿੱਚ ਮਹਿਲਾ ਵਿੰਗ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਬੀਬੀਆਂ ਨੇ ਪੰਥ ਅਤੇ ਪੰਜਾਬ ਦੇ ਹਰ ਸੰਘਰਸ਼ ਵਿੱਚ ਅਹਿਮ ਯੋਗਦਾਨ ਪਾਇਆ ਹੈ ਅਤੇ ਭਵਿੱਖ ਵਿੱਚ ਵੀ ਉਹ ਪੰਥਕ, ਸਮਾਜਿਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਮੋਹਰੀ ਭੂਮਿਕਾ ਨਿਭਾਉਣਗੀਆਂ। ਮੀਟਿੰਗ ਦੌਰਾਨ ਸੰਗਠਨ ਦੇ ਵਿਸਥਾਰ, ਆਉਣ ਵਾਲੇ ਪ੍ਰੋਗਰਾਮਾਂ, ਪਿੰਡ ਪੱਧਰ ਤੱਕ ਢਾਂਚੇ ਦੀ ਉਸਾਰੀ ਅਤੇ ਮਹਿਲਾ ਵਿੰਗ ਦੀਆਂ ਜ਼ਿੰਮੇਵਾਰੀਆਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਤੇ ਬੋਲਦਿਆਂ ਸ੍ਰ ਬਾਬੂ ਸਿੰਘ ਬਰਾੜ ਨੇ ਕਿਹਾ ਕਿ ਜਲਦ ਹੀ ਸਾਰੇ ਪੰਜਾਬ ਵਿੱਚ ਜਿਲੇਵਾਰ ਮੀਟਿੰਗਾਂ ਕਰਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਮਹਿਲਾ ਵਿੰਗ ਨੂੰ ਹੋਰ ਮਜਬੂਤ ਕੀਤਾ ਜਾਵੇਗਾ। ਮੀਟਿੰਗ ਵਿੱਚ ਹਾਜ਼ਰ ਨਵ-ਨਿਯੁਕਤ ਅਹੁਦੇਦਾਰ ਬੀਬੀਆਂ ਨੇ ਪਾਰਟੀ ਦੀ ਵਿਚਾਰਧਾਰਾ, ਪੰਥਕ ਮੁੱਦਿਆਂ ਅਤੇ ਪੰਜਾਬ ਦੇ ਹੱਕਾਂ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਅਹਿਦ ਕੀਤਾ।ਮੀਟਿੰਗ ਵਿੱਚ ਮਹਿਲਾ ਵਿੰਗ ਦੀਆਂ ਅਹੁਦੇਦਾਰ ਬੀਬੀਆਂ ਵਿੱਚ ਮੁੱਖ ਤੌਰ ਤੇ ਸੂਬਾ ਪ੍ਰਧਾਨ ਬੀਬੀ ਹਰਪ੍ਰੀਤ ਕੌਰ, ਬੀਬੀ ਰਾਜਵੰਤ ਕੌਰ ਘੜਾਮ (ਮੀਤ ਪ੍ਰਧਾਨ), ਬੀਬੀ ਅਮਨਦੀਪ ਕੌਰ ਰੰਧਾਵਾ (ਮੀਤ ਪ੍ਰਧਾਨ), ਬੀਬੀ ਸਾਜੀਆ ਪ੍ਰਵੀਨ ਜਰਨਲ (ਸਕੱਤਰ) (ਬਾਕੀ ਸਫਾ 2 ਤੇ)

## ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫ਼ਰੰਸ ’ਚ ਬੁਲਾਰਿਆਂ ਨੇ ਇਕਮਤ ਨਾਲ ਸਰਕਾਰ ਨੂੰ ਐਕਟ ਵਿੱਚੋਂ ਇਤਰਾਜ਼ਯੋਗ ਮੱਦਾਂ ਤੁਰੰਤ ਹਟਾਉਣ ਲਈ ਆਖਿਆ

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼



ਬਾਬਾ ਬਕਾਲਾ ਸਾਹਿਬ/ਅੰਮ੍ਰਿਤਸਰ, 1 ਜੂਨ (ਸੰਧਾ) ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ “ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026” ਵਿਚ ਦਰਜ ਮੱਦਾਂ ਜਿਨ੍ਹਾਂ ’ਤੇ ਸਿੱਖ ਪੰਥ ਵੱਲੋਂ ਇਤਰਾਜ਼ ਜਿਤਾਏ ਜਾ ਰਹੇ ਹਨ, ਸਬੰਧੀ ਵਿਚਾਰਾਂ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫ਼ਰੰਸ ਹੋਈ। ਇਸ ਕਾਨਫ਼ਰੰਸ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ ਸਮੇਤ ਵੱਖ-ਵੱਖ ਸਿੱਖ ਸੰਪ੍ਰਦਾਵਾਂ, ਜਥੇਬੰਦੀਆਂ, ਸਿੱਖ ਬੁੱਧੀਜੀਵੀ ਅਤੇ ਪੰਜਾਬ ਭਰ ਤੋਂ (ਬਾਕੀ ਸਫਾ 2 ਤੇ)

## ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਸ. ਬਲਬੀਰ ਸਿੰਘ ਯੂਐਸਏ ਤੇ ਸ੍ਰ ਸੁਰਜੀਤ ਸਿੰਘ ਵੱਲੋਂ 2 ਲੱਖ 21 ਹਜ਼ਾਰ ਦੀ ਨਗਦ ਰਾਸ਼ੀ ਭੇਟ

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼

**ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੇਵਕ ਪਰਿਵਾਰ ਨੂੰ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਕੀਤਾ ਸਨਮਾਨਿਤ।**

ਅੰਮ੍ਰਿਤਸਰ, 1 ਜੂਨ (ਸੰਧਾ) ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਪ੍ਰਗਟਾਉਂਦਿਆਂ ਅੱਜ ਯੈਐਸਏ ਵਾਸੀ ਸ. ਬਲਬੀਰ ਸਿੰਘ ਵੱਲੋਂ 2 ਲੱਖ 10 ਹਜ਼ਾਰ ਅਤੇ ਸ. ਸੁਰਜੀਤ ਸਿੰਘ ਵੱਲੋਂ 11 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਭੇਟ ਕੀਤੀ ਗਈ। ਇਹ ਰਾਸ਼ੀ ਸ. ਸੁਰਜੀਤ ਸਿੰਘ ਤੂਰਕੋਟ ਨੇ



ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ ’ਚ ਸੰਗਤਾਂ ਰੋਜ਼ਾਨਾ ਨਤਮਸਤਕ ਹੁੰਦੀਆਂ ਹਨ ਅਤੇ ਆਪਣੀ ਸ਼ਰਧਾ ਅਨੁਸਾਰ ਭੇਟਾਵਾਂ ਭੇਟ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਰੋਜ਼ਾਨਾ ਲੱਖਾਂ ਦੀ ਗਿਣਤੀ ਸੰਗਤਾਂ ਬਿਨਾਂ ਭੇਦ-ਭਾਵ ਦੇ ਪ੍ਰਸ਼ਾਦਾ ਛਕਦੀਆਂ ਹਨ। ਐਡਵੋਕੇਟ ਧਾਮੀ ਨੇ ਚੱਲ ਰਹੀਆਂ ਲੰਗਰ ਸੇਵਾਵਾਂ ਵਿਚ ਹਿੱਸਾ ਪਾਉਣ ਲਈ ਸ. ਬਲਬੀਰ ਸਿੰਘ ਯੂਐਸਏ ਤੇ ਸ. ਸੁਰਜੀਤ ਸਿੰਘ ਤੂਰਕੋਟ ਤੇ ਪਰਿਵਾਰ ਦਾ ਧੰਨਵਾਦ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਹੁਦੇਦਾਰ ਸਾਹਿਬਾਨ ਵੱਲੋਂ ਸੇਵਕ ਪਰਿਵਾਰ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. (ਬਾਕੀ ਸਫਾ 2 ਤੇ)


LIC
भारतीय जीवन बीमा निगम
LIFE INSURANCE CORPORATION OF INDIA

ਬੀਮਾ ਸੇਵਾ ਕੇਂਦਰ

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈਂਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਥ ਕਲੇਮ,ਮਚਿਓਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖਬਾਰਾਂ ਵਿਚ ਨਾਮ ਬਦਲੀ,ਬੇਦਖ਼ਲੀ ਨੋਟਿਸ,ਟਿਊਬਵੈਲ
ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।

ਸਫਾ 1 ਦੀ ਬਾਕੀ

## ਜੂਨ 84 ਦੇ ਫ਼ੌਜੀ ਹਮਲੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ....

ਫਤਿਹ ਟਾਈਮਜ਼ ਸਿੰਘ ਮੂਧਲ, ਸਤਨਾਮ ਸਿੰਘ ਕਾਹਲੋਂ, ਬੀਬੀ ਮਨਿੰਦਰ ਕੌਰ, ਮਾਤਾ ਸੁਰਜੀਤ ਕੌਰ, ਬੀਬੀ ਚਰਨਜੀਤ ਕੌਰ, ਗੁਰਦੀਪ ਸਿੰਘ ਮਟੀਆ, ਹਰਮਨਦੀਪ ਸਿੰਘ, ਜਸਬੀਰ ਸਿੰਘ ਸੇਠੀ, ਕੁਲਦੀਪ ਸਿੰਘ ਨਾਗੋਕੇ, ਮਾਸਟਰ ਬਲਦੇਵ ਸਿੰਘ, ਜਸਬੀਰ ਸਿੰਘ ਖਾਲਸਾ, ਦਲਜੀਤ ਸਿੰਘ ਗਿੱਲ, ਪਰਮਜੀਤ ਸਿੰਘ ਟਾਂਡਾ, ਮਨਜੀਤ ਸਿੰਘ ਵੇਰਕਾ, ਜਗਦੀਪ ਸਿੰਘ ਸੋਹੀਆਂ, ਪ੍ਰਕਾਸ਼ ਸਿੰਘ, ਹਰਜੀਤ ਸਿੰਘ ਮੈਨੇਜਰ, ਪ੍ਰਤਾਪ ਸਿੰਘ ਕਾਲੀਆਂ ਕੋਚ, ਸਤਨਾਮ ਸਿੰਘ ਕਾਹਲੋਂ ਸੁਖਦੇਵ ਸਿੰਘ ਕਾਦੀਆਂ, ਰਾਜ ਸਿੰਘ ਸੁਲਤਾਨਵਿੰਡ, ਨਰਿੰਦਰ ਸਿੰਘ ਗਿੱਲ, ਸ਼ਮਸ਼ੇਰ ਸਿੰਘ ਪੱਧਰੀ, ਗੁਰਮੀਤ ਸਿੰਘ ਬਾਬਾ, ਸੁਰਜੀਤ ਸਿੰਘ ਗਿੱਲ, ਸੁਰਿੰਦਰ ਸਿੰਘ ਕਿਸ਼ਨਪੁਰਾ, ਪਿਸ਼ੌਰਾ ਸਿੰਘ ਗਿੱਲ, ਦਰਸ਼ਨ ਸਿੰਘ, ਜਤਿੰਦਰ ਸਿੰਘ ਨਵਾਂਪਿੰਡ, ਦਵਿੰਦਰ ਸਿੰਘ ਨਵਾਂਪਿੰਡ, ਭਰਪੂਰ ਸਿੰਘ ਆਦਿ ਹਾਜ਼ਰ ਸਨ।

ਸਫਾ 1 ਦੀ ਬਾਕੀ

## ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮਹਿਲਾ ਵਿੰਗ ਨੂੰ ਮਜ਼ਬੂਤ ਕਰਨ......

ਫਤਿਹ ਟਾਈਮਜ਼ ਬੀਬੀ ਹਰਪ੍ਰੀਤ ਕੌਰ ਮੋਗਾ ਜੋਇੰਟ ( ਸਕੱਤਰ ), ਬੀਬੀ ਦਵਿੰਦਰ ਕੌਰ ਬਰਨਾਲਾ ( ਸਕੱਤਰ ), ਬੀਬੀ ਮੀਤਾ ਵਰਮਾ ( ਸਕੱਤਰ ), ਬੀਬੀ ਪਰਮਿੰਦਰ ਕੌਰ ( ਸਕੱਤਰ ), ਬੀਬੀ ਸਰਬਜੀਤ ਕੌਰ ( ਕਾਰਜਕਾਰੀ ਮੈਂਬਰ ), ਬੀਬੀ ਹਰਮਨਜੀਤ ਕੌਰ ( ਮੈਂਬਰ ) ਅਤੇ ਬੀਬੀ ਬਲਜਿੰਦਰ ਕੌਰ ਸ਼ਾਮਿਲ ਸਨ।

ਸਫਾ 1 ਦੀ ਬਾਕੀ

## ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਸ. ਬਲਬੀਰ ਸਿੰਘ ਯੂਐਸਏ ਤੇ .......

ਫਤਿਹ ਟਾਈਮਜ਼ ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਹਾਲਵਾਂ, ਇੰਜੀ: ਸੁਖਵਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਮੇਜਰ ਸਿੰਘ ਅਤੇ ਹੋਰ ਮੌਜੂਦ ਸਨ।

ਸਫਾ 1 ਦੀ ਬਾਕੀ

## ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫ਼ਰੰਸ 'ਚ ਬੁਲਾਰਿਆਂ ਨੇ..

ਫਤਿਹ ਟਾਈਮਜ਼ ਵੱਡੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕੀਤੀ। ਪੰਥਕ ਕਾਨਫ਼ਰੰਸ 'ਚ ਵੱਖ-ਵੱਖ ਬੁਲਾਰਿਆਂ ਨੇ ਇਕਮਤ ਹੋ ਕੇ ਸਰਕਾਰ ਵੱਲੋਂ ਪਾਸ ਕੀਤੇ ਐਕਟ ਵਿਚਲੀਆਂ ਖਾਮੀਆਂ ਨੂੰ ਤੁਰੰਤ ਦੂਰ ਕੀਤੇ ਜਾਣ 'ਤੇ ਜ਼ੋਰ ਦਿੱਤਾ। ਬੁਲਾਰਿਆਂ ਕਿਹਾ ਕਿ ਜਿਨ੍ਹਾਂ ਮੱਦਾਂ 'ਤੇ ਪੰਥ ਨੂੰ ਇਤਰਾਜ਼ ਹੈ, ਸਰਕਾਰ ਨੂੰ ਆਪਣੇ ਹੱਠਧਰਮੀ ਛੱਡ ਕੇ ਸਿੱਖ ਭਾਵਨਾਵਾਂ ਅਨੁਸਾਰ ਸੋਧ ਕਰਨ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ। ਇਸੇ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰ ਦੁਆਰਾ ਪਾਸ ਕੀਤਾ ਇਹ ਕਾਨੂੰਨ ਮਿੱਠਾ ਜ਼ਹਿਰ ਹੈ, ਜੋ ਕੌਮ ਦੇ ਭਵਿੱਖ ਲਈ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਸਿੱਖ ਸੰਸਥਾਵਾਂ ਅੰਦਰ ਸਿੱਧੀ ਦਖ਼ਲਅੰਦਾਜ਼ੀ ਦੀ ਚਾਲ ਹੈ, ਜਿਸ ਨੂੰ ਕੌਮ ਭਲੀਭਾਂਤ ਸਮਝਦੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਨਾਲ ਖ਼ਾਲਸਾ ਪੰਥ ਸਹਿਮਤ ਹੈ, ਪਰ ਕਾਨੂੰਨ ਵਿਚ ਮਰਯਾਦਾ ਅਤੇ ਸੇਵਾਦਾਰਾਂ ਧਿਰਾਂ ਨਾਲ ਸਬੰਧਤ ਮੱਦਾਂ 'ਤੇ ਕੌਮ ਨੂੰ ਵੱਡਾ ਇਤਰਾਜ਼ ਹੈ। ਪੰਜਾਬ ਸਰਕਾਰ ਦੀ ਵਿਧਾਨ ਸਭਾ ਨੇ ਇਸ ਕਾਨੂੰਨ ਨਾਲ ਗੁਰੂ ਗ੍ਰੰਥ ਅਤੇ ਗੁਰੂ ਪੰਥ ਉੱਤੇ ਆਪਣਾ ਕੰਟ੍ਰੋਲ ਕਰਨ ਦਾ ਯਤਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਵਿਧਾਨ ਸਭਾ ਗੁਰੂ ਖ਼ਾਲਸਾ ਪੰਥ ਦੀ ਨੁਮਾਇੰਦਗੀ ਨਹੀਂ ਕਰਦੀ ਅਤੇ ਨਾ ਹੀ ਇਹ ਧਰਮ ਦੇ ਨਿਯਮ ਤੈਅ ਕਰ ਸਕਦੀ ਹੈ ਅਤੇ ਇਹ ਸਰਕਾਰ ਵੱਲੋਂ ਪੰਥ ਦੇ ਅਧਿਕਾਰ ਵਿਚ ਦਖ਼ਲ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰੰਤੂ ਸ੍ਰੀ ਅਕਾਲ ਤਖ਼ਤ ਸਾਹਿਬ ਸਦੀਵੀ ਹੈ। ਸਰਕਾਰ ਸਿੱਖਾਂ ਦੀ ਸਹਿਮਤੀ ਤੋਂ ਬਿਨਾਂ ਸਿੱਖਾਂ ਉੱਤੇ ਆਪਣੇ ਹਿਸਾਬ ਨਾਲ ਕਾਇਦੇ ਕਾਨੂੰਨ ਨਹੀਂ ਥੋਪ ਸਕਦੀ।

ਜਥੇਦਾਰ ਗੜਗੱਜ ਨੇ ਕਿਹਾ ਕਿ ਅਸਲ ਮਾਮਲਾ ਬੇਅਦਬੀ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾਵਾਂ ਦੇਣ ਦਾ ਸੀ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਉਹ ਕਿਹੜੀਆਂ ਸ਼ਕਤੀਆਂ ਹਨ ਜੋ ਲਗਾਤਾਰ ਲੰਮੇ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਸੱਟ ਮਾਰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ 2015 ਦੇ ਬੇਅਦਬੀ ਮਾਮਲਿਆਂ ਵਿੱਚ ਡੇਰਾ ਸਿਰਸਾ ਮੁਖੀ ਦਾ ਹੱਥ ਹੈ, ਲੇਕਿਨ ਸਰਕਾਰ ਨੇ ਅੱਜ ਤਕ ਉਸ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਨਹੀਂ ਲਿਆਂਦਾ ਤੇ ਨਾ ਸਜ਼ਾ ਦਿੱਤੀ। ਸਗੋਂ ਬੇਅਦਬੀ ਨਾਲ ਸਬੰਧਤ ਕੇਸ ਪੰਜਾਬ ਤੋਂ ਬਾਹਰ ਤਬਦੀਲ ਕਰਨ ਲਈ ਸਰਕਾਰ ਦੇ ਵਕੀਲਾਂ ਦੀ ਸਹਿਮਤੀ ਦੋਸ਼ੀਆਂ ਨੂੰ ਬਚਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ 15 ਦਿਨਾਂ ਦਾ ਸਮਾਂ ਦਿੱਤਾ ਸੀ, ਜੋ ਪੂਰਾ ਹੋ ਚੁੱਕਾ ਹੈ ਅਤੇ ਸਰਕਾਰ ਨੇ ਸਿੱਖਾਂ ਦੇ ਇਤਰਾਜ਼ਾਂ ਸਬੰਧੀ ਵਿਚਾਰ ਕਰਨ ਦੀ ਵੀ ਕੋਈ ਗੱਲ ਨਹੀਂ ਕੀਤੀ। ਇਸ ਦੇ ਉਲਟ ਮੁੱਖ ਮੰਤਰੀ ਵੱਲੋਂ ਹੈਂਕੜ ਭਰੇ ਪ੍ਰਗਟਾਵੇ ਕੀਤੇ ਜਾ ਰਹੇ ਹਨ, ਜੋ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਵੰਗਾਰ ਦੇ ਤੁੱਲ ਹੈ। ਉਨ੍ਹਾਂ ਕਿਹਾ ਕਿ ਜੂਨ 1984 ਘੱਲੂਘਾਰੇ ਦੇ ਸ਼ਹੀਦੀ ਹਫ਼ਤੇ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਸਰਕਾਰ ਦੇ ਇਸ ਰਵੱਈਆ ਦਾ ਨੋਟਿਸ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹੁਣ ਸਰਕਾਰ ਨੂੰ ਨਹੀਂ ਸਗੋਂ ਖ਼ਾਲਸਾ ਪੰਥ ਨੂੰ ਸੰਬੋਧਤ ਹੁੰਦਿਆਂ ਸਖ਼ਤ ਫ਼ੈਸਲਾ ਕੀਤਾ ਜਾਵੇਗਾ।

ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।

ਮੋ:99885-37575

# ਭਾਰਤੀ ਜਨਤਾ ਪਾਰਟੀ ਗਰੀਬਾਂ ਤੇ ਮਜਲੂਮਾਂ ਦੇ ਹਿੱਤਾਂ ਦੀ ਰੱਖਿਅਕ - ਭਰੋਵਾਲ

ਫਤਿਹ ਟਾਈਮਜ਼



ਖਡੂਰ ਸਾਹਿਬ, 1 ਜੂਨ (ਐਸ ਐਸ ਸੰਧਾ) ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਨੇ ਪਿੰਡ ਭਰੋਵਾਲ ਚ ਨੋਜਵਾਨਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਹਮੇਸ਼ਾ ਹੀ ਗਰੀਬਾਂ, ਕਿਸਾਨਾਂ, ਮਜ਼ਦੂਰਾਂ, ਪਿਛੜੇ ਵਰਗਾਂ ਅਤੇ ਸਮਾਜ ਦੇ ਹਰ ਵਰਗ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਰਹੀ ਹੈ। ਸ੍ਰ ਭਰੋਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚ ਰਿਹਾ ਹੈ। ਸ੍ਰ ਭਰੋਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ, ਉੱਜਵਲਾ ਯੋਜਨਾ, ਆਯੁਸ਼ਮਾਨ ਭਾਰਤ ਯੋਜਨਾ ਅਤੇ ਹੋਰ ਅਨੇਕਾਂ ਭਲਾਈ ਸਕੀਮਾਂ ਰਾਹੀਂ ਕਰੋੜਾਂ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਆਇਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਰਾਜਨੀਤੀ ਸੇਵਾ, ਵਿਕਾਸ ਅਤੇ ਲੋਕ ਭਲਾਈ 'ਤੇ ਆਧਾਰਿਤ ਹੈ, ਜਦਕਿ ਵਿਰੋਧੀ ਪਾਰਟੀਆਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਰਾਜਨੀਤੀ ਕਰ ਰਹੀਆਂ ਹਨ। ਸ੍ਰ ਭਰੋਵਾਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਵਰਕਰ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾ ਰਹੇ ਹਨ। ਭਰੋਵਾਲ ਨੇ ਕਿਹਾ ਕਿ ਦੇਸ਼ ਅਤੇ ਪੰਜਾਬ ਦੇ ਵਿਕਾਸ ਲਈ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਦਾ ਸਮਰਥਨ ਕਰਨਾ ਚਾਹੀਦਾ ਹੈ ਤਾਂ ਜੋ ਵਿਕਾਸ ਦੀ ਰਫ਼ਤਾਰ ਹੋਰ ਤੇਜ਼ ਹੋ ਸਕੇ। ਇਸ ਮੌਕੇ ਸ੍ਰ ਭਰੋਵਾਲ ਨੇ ਕਿਹਾ ਕਿ ਉਹ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਹੋਰ ਮਿਹਨਤ ਕਰਨਗੇ ।ਇਸ ਮੌਕੇ ਭੋਲਾ ਸਿੰਘ ਵਸਤੀ,ਯਾਦਵਿੰਦਰ ਸਿੰਘ ਵਿੱਕੀ, ਕੁਲਵਿੰਦਰ ਸਿੰਘ ਰਿੰਕੂ, ਗੁਰਪ੍ਰਤਾਪ ਸਿੰਘ, ਸਾਹਿਬ ਸਿੰਘ, ਗਗਨਦੀਪ ਸਿੰਘ, ਗੁਰਨਾਮ ਸਿੰਘ , ਗੁਰਿੰਦਰ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

# ਮਖੂ ਦੇ ਕਰਿਆਨਾ ਸਟੋਰ ਦੇ ਮਾਲਕ ਦੀ ਦਿਨ ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰਨ ਦੀ ਵਾਰਦਾਤ ਦੀ ਸਖਤ ਸ਼ਬਦਾ ਵਿਚ ਨਿਖੇਧੀ: ਭਾਰਤੀ ਕਿਸਾਨ ਯੂਨੀਅਨ ਪੰਜਾਬ

ਫਤਿਹ ਟਾਈਮਜ਼

**ਨਿਖੇਧੀ**



ਮਖੂ , 1 ਜੂਨ (ਸ਼ਬੇਗ ਸਿੰਘ) ਭਾਰਤੀ ਕਿਸਾਨ ਯੂਨੀਅਨ ਪੰਜਾਬ ਬਲਾਕ ਮਖੂ ਦੇ ਕਿਸਾਨਾਂ ਦੀ ਹਫਤਾਵਰੀ ਮੀਟਿੰਗ ਗੁਰਦੁਆਰਾ ਬਾਬਾ ਬਾਠਾਂ ਵਾਲਾ ਸਾਹਿਬ ਮਖੂ ਵਿਖੇ ਬਲਾਕ ਪ੍ਰਧਾਂਨ ਨਿਸ਼ਾਂਨ ਸਿੰਘ ਫੌਜੀ ਦੀ ਅਗਵਾਈ ਵਿਚ ਹੋਈ। ਜਿਸ ਵਿਚ ਸਰਪ੍ਰਸਤ ਪੰਜਾਬ ਬਾਪੂ ਗੁਰਦੇਵ ਸਿੰਘ ਵਾਰਸਵਾਲਾ, ਮੀਤ ਪ੍ਰਧਾਂਨ ਪੰਜਾਬ ਜੋਗਿੰਦਰ ਸਿੰਘ ਸਭਰ੍ਹਾ,ਕੋਰ ਕਮੇਟੀ ਮੈਂਬਰ ਪੰਜਾਬ ਗੁਰਵਿੰਦਰ ਸਿੰਘ ਢਿਲੋਂ ਬਾਹਰਵਾਲੀ , ਵਿਸ਼ੇਸ਼ ਤੌਰ ਤੇ ਹਾਜਰ ਸਨ। ਇਸ ਮੀਟਿੰਗ ਵਿਚ ਕਿਸਾਨੀ ਮੁਸ਼ਕਲਾਂ ਦੇ ਹੱਲ ਲਈ ਵਿਚਾਰ ਚਰਚਾ ਹੋਈ ਜਿਵੇਂ ਕਿਸਾਨਾਂ ਦੀਆ ਮੰਗਾਂ ਹਨ ਕਿ ਵੱਡੇ ਡੀਲਰ ਜੋ ਖਾਦ ਵਿਕਰੇਤਾ ਹਨ ਜਾ ਕੋਅਪਰੇਟਿਵ ਸੁਸਾਇਟੀਆਂ ਹਨ, ਉਹ ਕਿਸਾਨਾਂ ਨੂੰ ਖਾਦ ਦੇ ਨਾਲ ਨਾਲ ਹੋਰ ਬਹੁਤ ਸਾਰਾ ਸਮਾਨ ਵੀ ਦਿੰਦੇ ਹਨ, ਜੇ ਕਿਸਾਨ ਮਨ੍ਹਾ ਕਰੇ ਤਾ ਖਾਦ ਡੀ ਏ ਪੀ ਜਾਂ ਯੂਰੀਆਂ ਦੇਣ ਤੋਂ ਇਨਕਾਰ ਕਰ ਦਿੰਦੇ ਹਨ ।ਜਿਸ ਨਾਲ ਕਿਸਾਨਾ ਦੀ ਲੁੱਟ ਹੋ ਰਹੀ ਹੇ ਅਤੇ ਕਿਸਾਨ ਖਾਦ ਲੈਣ ਲਈਂ ਖੱਜਲ ਖੁਆਰ ਹੁੰਦੇ ਹਨ । ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਇਕ ਤਾਂ ਫਾਲਤੂ ਸਮਾਨ ਦੇ ਕੇ ਕਿਸਾਨਾਂ ਤੇ ਬੋਝ ਨਾਂਹ ਪਾਇਆ ਜਾਵੇ ਤੇ ਭਾਰੀ ਮਾਤਰਾ ਵਿਚ ਡੀ ਏ ਪੀ ਅਤੇ ਯੂਰੀਆ ਆਮ ਬੀਜ, ਦਵਾਈਆਂ ਵਾਲੀਆਂ ਦੁਕਾਨਾਂ ਤੇ ਵੀ ਦਿੱਤੀ ਜਾਵੇ ਅਕੇ ਕਿਸਾਨਾਂ ਦੇ ਘਰੇਲੂ ਮਸਲੇ ਵੀ ਹੱਲ ਕੀਤੇ ਗਏ। ਦੂਸਰੇ ਮਤੇ ਵਿਚ ਸਰਪ੍ਰਸਤ ਪੰਜਾਬ ਬਾਪੂ ਗੁਰਦੇਵ ਸਿੰਘ ਵਾਰਸਵਾਲਾ ਤੇ ਮੀਤ ਪ੍ਰਧਾਂਨ ਪੰਜਾਬ ਜੋਗਿੰਦਰ ਸਿੰਘ ਸਭਰ੍ਹਾ ਨੇ ਪੰਜਾਬ ਵਿਚ ਵਾਪਰ ਰਹੀਆਂ ਦਿਨ ਦਿਹਾੜੇ ਵਾਰਦਾਤਾ ਤੇ ਚਿੰਤਾ ਜਾਹਰ ਕੀਤੀ ਤੇ ਲਾਅ ਐਂਡ ਆਰਡਰ ਦੇ ਮੁੱਦੇ ਤੇ ਸਰਕਾਰ ਨੂੰ ਘੇਰਦਿਆ ਮੰਗ ਕੀਤੀ ਕਿ ਸਰਕਾਰ ਸ਼ਰਾਰਤੀ ਅਨਸਰਾਂ ਨੂੰ ਨੱਥ ਪਾਵੇ। ਉਹਨਾਂ ਨੇ ਮਖੂ ਸ਼ਹਿਰ ਵਿਚ ਦਿਨ ਦਿਹਾੜੇ ਵਾਪਰੀ ਘਟਨਾ ਦੀ ਉਧਾਹਰਣ ਦਿੰਦਿਆਂ ਕਿਹਾ ਕਿ ਮਖੂ ਦੇ ਕਰਿਆਨਾਂ ਸਟੋਰ ਦੇ ਮਾਲਕ ਕਾਲਾ ਗਾਬਾ ਦੀ ਅਣਪਛਾਤੇ ਵਿਅਕਤੀ ਵੱਲੋਂ ਦੁਕਾਨ ਵਿਚ ਵੜ ਕੇ ਦਿਨ ਦਿਹਾੜੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ ,ਜਿਸ ਨਾਲ ਮਖੂ ਸ਼ਹਿਰ ਵਿਚ ਦਹਿਸ਼ਤ ਦਾ ਮਹੌਲ ਪੈਦਾ ਹੋ ਗਿਆ ਹੈ ,ਐਸੀਆਂ ਅਣਹੋਣੀਆਂ ਵਾਰਦਾਤਾਂ ਦੀ ਬੀ ਕੇ ਯੂ ਪੰਜਾਬ ਜਥੇਬੰਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦੀ ਹੈ ਅਤੇ ਪੰਜਾਬ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਲਾਅ ਐਂਡ ਆਰਡਰ ਦੀ ਸਥਿਤੀ ਨੂੰ ਸਖਤੀ ਨਾਲ ਲਾਗੂ ਕੀਤਾ ਜਵੇ ਤਾਂ ਕਿ ਐਸੀਆ ਵਾਰਦਾਤਾਂ ਅੱਗੇ ਵਸਤੇ ਨਾ ਹੋ ਸਕਣ ।ਕਿਸਾਨ ਜਥੇਬੰਦੀ ਬੀ ਕੇ ਯੂ ਪੰਜਾਬ ਕਾਲਾ ਗਾਬਾ ਦੇ ਪਰਿਵਾਰ ਨਾਲ ਇਸ ਦੁਖ ਦੀ ਘੜੀ ਵਿਚ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੈ ਅਤੇ ਮਖੂ ਪੁਲੀਸ ਨੂੰ ਵੀ ਅਪੀਲ ਕਰਦੀ ਹੈ ਕਿ ਜਲਦੀ ਤੋਂ ਜਲਦੀ ਮੁਲਜਮਾਂ ਨੂੰ ਕਾਬੂ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਕਰੇ ਤੇ ਸਖਤ ਤੋਂ ਸਖਤ ਸਜਾ ਦਿਵਾ ਕੇ ਪਰਿਵਾਰ ਨੂੰ ਇਨਸਾਫ ਦਿਵਾਵੇ। ਇਸ ਮੌਕੇ ਸਰਪ੍ਰਸਤ ਪੰਜਾਬ ਬਾਪੂ ਗੁਰਦੇਵ ਸਿੰਘ ਵਾਰਸਵਾਲਾ,ਮੀਤ ਪ੍ਰਧਾਂਨ ਪੰਜਾਬ ਜੋਗਿੰਦਰ ਸਿੰਘ ਸਭਰ੍ਹਾ, ਕੋਰ ਕਮੇਟੀ ਮੈਂਬਰ ਪੰਜਾਬ ਗੁਰਵਿੰਦਰ ਸਿੰਘ ਬਾਹਰਵਾਲੀ, ਮੀਤ ਪ੍ਰਧਾਂਨ ਪੰਜਾਬ ਜਰਨੈਲ ਸਿੰਘ ਨੰਬਰਦਾਰ, ,ਜਿਲ੍ਹਾ ਮੀਤ ਪ੍ਰਧਾਂਨ ਜਰਨੈਲ ਸਿੰਘ ਸਭਰ੍ਹਾ, ਬਲਾਕ ਪ੍ਰਧਾਂਨ ਨਿਸ਼ਾਂਨ ਸਿੰਘ, ਜਿਲ੍ਹਾ ਕੋਰ ਕਮੇਟੀ ਮੈਂਬਰ ਗੁਰਮੀਤ ਸਿੰਘ, ਅਮਰਜੀਤ ਸਿੰਘ ਨਿਜਾਮੀਵਾਲਾ,ਦਿਲਬਾਗ ਸਿੰਘ ਕਿਲੀ ਗੁੱਦੇ,ਰੇਸ਼ਮ ਸਿੰਘ ਨੰਬਰਦਾਰ, ਇਕਬਾਲ ਸਿੰਘ ਜੱਗੇਵਾਲਾ,ਇਕਾਂਈ ਪ੍ਰਧਾਂਨ ਗੁਰਮੀਤ ਸਿੰਘ, ਅਮਰੀਕ ਸਿੰਘ, ਲਖਵਿੰਦਰ ਸਿੰਘ ਸੂਬਾ ਸਿੰਘ ਕੂਕਾ,ਰਛਪਾਲ ਸਿੰਘ,ਸੁਖਦੇਵ ਸਿੰਘ ਫੌਜੀ, ਡਾਕਟਰ ਬਲਵੰਤ ਸਿੰਘ ਤਹਿਸੀਲ ਪ੍ਰਧਾਂਨ , ਬਲਵਿੰਦਰ ਸਿੰਘ ਸ਼ੀਹਾਂਪਾੜੀ , ਬਗੀਚਾ ਸਿੰਘ ਲਹਿਰਾ,ਜਸਵੰਤ ਸਿੰਘ ਨਿਹੰਗ ਸਿੰਘ, ਦਰਸ਼ਨ ਸਿੰਘ ਕਲੋਨੀ, ਇਕਬਾਲ ਸਿੰਘ ,ਬਾਬਾ ਬਲਬੀਰ ਸਿੰਘ ਜੱਗੇਵਾਲਾ, ਸੰਦੀਪ ਸਿੰਘ ਕਾਲੂ ਮੰਡਾਰ, ,ਬਲਵਿੰਦਰ ਸਿੰਘ, ਅਮਰਜੀਤ ਸਿੰਘ ਫੌਜੀ,, ਨਿਸ਼ਾਂਨ ਸਿੰਘ ਪੀਰ ਮੁਹੰਮਦ, ਬਲਵੀਰ ਸਿੰਘ,ਮਨਜੀਤ ਸਿੰਘ, ਜਿਲਾ ਮੀਤ ਪ੍ਰਧਾਂਨ ਨਿਰਮਲ ਸਿੰਘ ਵਸਤੀਵਸਾਵਾ, ,ਦਿਲਬਾਗ ਸਿੰਘ ਵਰਪਾਲਾਂ, ਲਖਵਿੰਦਰ ਸਿੰਘ ਬਹਿਕਾਂ ਤੇ ਹੋਰ ਬਹੁਤ ਸਾਰੇ ਕਿਸਾਨ ਹਾਜਰ ਸਨ।

FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ ਫਤਿਹ ਟਾਈਮਜ਼ ਚੈਂਨਲ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575

Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

## ਬਾਬਾ ਬਾਲਕ ਨਾਥ ਮੰਦਿਰ ਵਿਖੇ ਕਾਰ ਸੇਵਾ ਸ਼ੁਰੂ



ਮੁੱਲਾਂਪੁਰ ਦਾਖਾ, 1 ਜੂਨ (ਦਵਿੰਦਰ ਸਿੰਘ ਲੰਮੇਂ) ਸਥਾਨਕ ਬਾਬਾ ਬਾਲਕ ਨਾਥ ਮੰਦਰ ਵਿਖੇ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਅਤੇ ਮੰਦਿਰ ਦੀ ਸੁੰਦਰਤਾ ਲਈ ਕਾਰ ਸੇਵਾ (ਡਾਊਨ ਸੀਲਿੰਗ) ਦਾ ਕੰਮ ਸ਼ੁਰੂ ਹੋ ਗਿਆ ਹੈ। ਜਿਸ ਤੋਂ ਪਹਿਲਾਂ ਮੰਦਿਰ ਵਿੱਚ ਮਰਿਆਦਾ ਅਨੁਸਾਰ ਹਵਨ-ਯੱਗ ਕਰਵਾਇਆ ਗਿਆ। ਮੰਦਿਰ ਦੇ ਪੁਜਾਰੀ ਪੰਡਿਤ ਹਨੁਮੰਤ ਲਾਲ ਨੇ ਪੰਡਿਤ ਬਾਲਮੀਕੀ ਦੀ ਹਾਜ਼ਰੀ ਵਿੱਚ ਹਵਨ ਦਾ ਕਾਰਜ ਸੰਪੂਰਨ ਕਰਨ ਉਪਰੰਤ ਡਾਊਨ ਸੀਲਿੰਗ ਦੀ ਸੇਵਾ ਦਾ ਸ਼ੁਭ ਆਰੰਭ ਕੀਤਾ। ਹਵਨ ਯੱਗ ਮੌਕੇ ਵੱਡੀ ਗਿਣਤੀ ਪੁੱਜੇ ਸ਼ਰਧਾਲੂਆਂ ਨੇ ਮੰਦਿਰ ਦੇ ਵਿਕਾਸ ਕਾਰਜਾਂ ਦੀ ਸਫਲਤਾ ਲਈ ਪੂਜਾ ਅਰਚਨਾ ਕੀਤੀ।ਇਸ ਮੌਕੇ ਸਮਾਜਸੇਵੀ ਅਤੇ ਸਾਬਕਾ ਕੌਂਸਲਰ ਸੱਜਣ ਕੁਮਾਰ ਬਾਂਸਲ ਨੇ ਮੰਦਿਰ ਦੇ ਨਿਰਮਾਣ ਕਾਰਜ ਲਈ ਕਾਰ ਸੇਵਾ ਵਿੱਚ ਹਿੱਸਾ ਪਾਉਂਦਿਆਂ 11 ਹਜਾਰ ਅਤੇ ਕੌਂਸਲਰ ਬਲਵੀਰ ਚੰਦ ਬੀਰਾ ਨੇ 51 ਸੌ ਰੁਪਏ ਦਾ ਯੋਗਦਾਨ ਪਾਇਆ । ਮੰਦਿਰ ਪ੍ਰਬੰਧਕ ਕਮੇਟੀ ਨੇ ਦੋਵਾਂ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਰਧਾਲੂਆਂ ਦੇ ਸਹਿਯੋਗ ਨਾਲ ਹੀ ਧਾਰਮਿਕ ਅਸਥਾਨਾਂ ਦੀ ਸੇਵਾ ਸੰਭਵ ਹੁੰਦੀ ਹੈ । ਮੰਦਿਰ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਡਾਊਨ ਸੀਲਿੰਗ ਦਾ ਕੰਮ ਪੂਰਾ ਹੋਣ ਉਪਰੰਤ ਮੰਦਿਰ ਦਾ ਦਰਬਾਰ ਹੋਰ ਵੀ ਸੁੰਦਰ ਅਤੇ ਸੁਵਿਧਾਜਨਕ ਬਣੇਗਾ, ਜਿਸ ਨਾਲ ਸ਼ਰਧਾਲੂਆਂ ਨੂੰ ਬਿਹਤਰ ਮਾਹੌਲ ਪ੍ਰਾਪਤ ਹੋਵੇਗਾ।ਇਸ ਮੌਕੇ ਪ੍ਰਧਾਨ ਕੇਹਰ ਸਿੰਘ, ਜਸਬੀਰ ਸਿੰਘ, ਵਿੱਕੀ ਚੌਧਰੀ, ਡਾ. ਰਮਨ ਕੁਮਾਰ ਸਹਿਗਲ, ਮਨੀਸ਼ ਕੁਮਾਰ, ਯੋਗੇਸ਼ ਲੱਕੀ, ਸੋਨੂ ਚੌਧਰੀ, ਭੋਲਾ ਗੁਪਤਾ, ਤਿਲਕ ਰਾਜ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

## ਬ੍ਰਿਟਿਸ਼ ਵਿਕਟੋਰੀਆ ਸਕੂਲ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਅਤਿ ਆਧੁਨਿਕ ਸਵਿਮਿੰਗ ਪੂਲ 'ਚ ਤੈਰਾਕੀ ਕੋਚਿੰਗ ਦੀਆਂ ਕਲਾਸਾਂ ਸ਼ੁਰੂ




ਸ੍ਰੀ ਗੋਇੰਦਵਾਲ ਸਾਹਿਬ 1 ਜੂਨ (ਐਸ ਐਸ ਸੰਧਾ) ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਖੇਡਾਂ ਪ੍ਰਤੀ ਰੁਚੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਨਾਮਵਰ ਵਿੱਦਿਅਕ ਸੰਸਥਾ ਬ੍ਰਿਸ਼ ਵਿਕਟੋਰੀਆ ਸਕੂਲ ਵਿਖੇ ਅਤਿ-ਆਧੁਨਿਕ ਸਵਿਮਿੰਗ ਪੂਲ ਦਾ ਆਰੰਭ ਕਰ ਦਿੱਤਾ ਗਿਆ ਹੈ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਲੜਕਿਆਂ ਅਤੇ ਲੜਕੀਆਂ ਲਈ ਵੱਖ-ਵੱਖ ਤਜ਼ਰਬੇਕਾਰ ਕੋਚਾਂ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਹਰ ਵਿਦਿਆਰਥੀ ਨੂੰ ਬਿਹਤਰ ਸਿਖਲਾਈ ਪ੍ਰਾਪਤ ਹੋ ਸਕੇ।
ਇਸ ਬਾਰੇ ਸਕੂਲ ਪ੍ਰਿੰਸੀਪਲ ਮੈਡਮ ਕੋਮਲ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੀ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਵਿਮਿੰਗ ਪੂਲ ਦੀ ਇਹ ਨਵੀਂ ਸਹੂਲਤ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਉੱਚ ਪੱਧਰ ਦੇ ਤੈਰਾਕੀ ਦੇ ਮੁਕਾਬਲਿਆਂ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਇਸ ਮੌਕੇ ਸੰਸਥਾ ਦੇ ਚੇਅਰਮੈਨ ਛਿੰਦਰਪਾਲ ਸਿੰਘ, ਪ੍ਰਧਾਨ ਅਰਸ਼ਦੀਪ ਸਿੰਘ ਅਤੇ ਐੱਮ.ਡੀ ਸਾਹਿਲ ਪੱਬੀ ਨੇ ਕਿਹਾ ਕਿ ਤੈਰਾਕੀ ਨਾ ਸਿਰਫ਼ ਇੱਕ ਮਹੱਤਵਪੂਰਨ ਖੇਡ ਹੈ, ਸਗੋਂ ਇਹ ਸਰੀਰਕ ਤੰਦਰੁਸਤੀ, ਆਤਮ-ਵਿਸ਼ਵਾਸ ਅਤੇ ਅਨੁਸ਼ਾਸਨ ਨੂੰ ਵੀ ਵਿਕਸਿਤ ਕਰਦੀ ਹੈ। ਉਹਨਾਂ ਆਸ ਪ੍ਰਗਟਾਈ ਕਿ ਇਸ ਪਹਿਲ ਨਾਲ ਵਿਦਿਆਰਥੀ ਖੇਡਾਂ ਦੇ ਖੇਤਰ ਵਿੱਚ ਨਵੀਆਂ ਉਪਲਬਧੀਆਂ ਹਾਸਲ ਕਰਨਗੇ ਅਤੇ ਸਕੂਲ ਦਾ ਨਾਮ ਰਾਸ਼ਟਰੀ ਪੱਧਰ 'ਤੇ ਰੌਸ਼ਨ ਕਰਨਗੇ। ਉਹਨਾਂ ਕਿਹਾ ਕਿ ਟ੍ਰੇਨਿੰਗ ਲਈ ਸ਼ਾਮ ਦੀਆਂ ਕਲਾਸਾਂ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ ਹੈ ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਬਾਹਰੀ ਵਿਦਿਆਰਥੀ ਵੀ ਤੈਰਾਕੀ ਦੀ ਟ੍ਰੇਨਿੰਗ ਲੈ ਸਕਦੇ ਹਨ ਜਿਸ ਦਾ ਸਮਾਂ ਸ਼ਾਮ 5:00 ਵਜੇ ਤੋਂ 6:30 ਵਜੇ ਤੱਕ ਹੋਵੇਗਾ।

**ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ।**

# ਲਾਇਬ੍ਰੇਰੀਆਂ ਦੀ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਭੂਮਿਕਾ



(ਲੜੀਵਾਰ ਲੇਖ ਕਿਸ਼ਤ 3)
ਰੋਬੋਟਿਕਸ, ਕਲਾ ਅਤੇ ਲਿਖਾਈ ਵਰਗੇ ਵਿਸ਼ਿਆਂ 'ਤੇ ਵਰਕਸ਼ਾਪਾਂ ਆਮ ਤੌਰ 'ਤੇ ਲਾਇਬ੍ਰੇਰੀਆਂ ਵਿੱਚ ਆਯੋਜਿਤ ਕੀਤੀਆਂ ਜਾਂਦੀਆਂ ਹਨ ਜੋ ਵਿਦਿਆਰਥੀਆਂ ਨੂੰ ਰਚਨਾਤਮਕ ਤੌਰ 'ਤੇ ਆਪਣੇ ਆਪ ਨੂੰ ਪ੍ਰਗਟ ਕਰਨ ਦੇ ਮੌਕੇ ਦਿੰਦੀਆਂ ਹਨ ਜਦੋਂ ਕਿ ਉਹ ਆਪਣੀਆਂ ਸੰਵੇਦਨਸ਼ੀਲ ਸੋਚ ਦੀਆਂ ਯੋਗਤਾਵਾਂ ਨੂੰ ਵੀ ਤੇਜ਼ ਕਰਦੇ ਹਨ। ਹੱਥੋਂ-ਹੱਥ ਪ੍ਰੋਜੈਕਟਾਂ ਅਤੇ ਸਹਿਯੋਗੀ ਗਤੀਵਿਧੀਆਂ ਵਿੱਚ ਸ਼ਾਮਿਲ ਹੋ ਕੇ ਵਿਦਿਆਰਥੀ ਚੁਣੌਤੀਆਂ ਦਾ ਸਾਹਮਣਾ ਖੁੱਲੇ ਮਨ ਅਤੇ ਪ੍ਰਯੋਗ ਕਰਨ ਦੀ ਇਛਾ ਨਾਲ ਕਰਨ ਦਾ ਸਿਖਦੇ ਹਨ।
ਅਕਾਦਮਿਕ ਕਾਰਜਾਂ ਤੋਂ ਬਿਨਾ ਲਾਇਬ੍ਰੇਰੀਆਂ ਸਮਾਜਿਕ ਹੁਨਰਾਂ ਅਤੇ ਸਮਾਜਿਕ ਭਾਗੀਦਾਰੀ ਨੂੰ ਨਿਖਾਰਣ ਵਿੱਚ ਇੱਕ ਮਹੱਤਵਪੂਰਣ ਭੂਮਿਕਾ ਨਿਭਾਉਂਦੀਆਂ ਹਨ। ਇਹ ਸੁਰੱਖਿਅਤ ਥਾਵਾਂ ਵਜੋਂ ਕੰਮ ਕਰਦੀਆਂ ਹਨ ਜਿੱਥੇ ਵਿਦਿਆਰਥੀ ਇਕੱਠੇ ਹੋ ਸਕਦੇ ਹਨ, ਸਮੂਹ ਪ੍ਰੋਜੈਕਟਾਂ 'ਤੇ ਸਹਿਯੋਗ ਕਰ ਸਕਦੇ ਹਨ ਜਾਂ ਸਿਰਫ਼ ਆਪਣੇ ਸਾਥੀਆਂ ਨਾਲ ਗੱਲਬਾਤ ਕਰ ਸਕਦੇ ਹਨ। ਇਹ ਪਰਸਪਰ ਗੱਲਬਾਤ ਟੀਮਵਰਕ, ਸੰਚਾਰ ਦੇ ਹੁਨਰਾਂ ਅਤੇ ਸਹਿਯੋਗ ਕਰਨ ਦੀ ਭਾਵਨਾ ਨੂੰ ਹੁੰਦੀਆਂ ਹਨ । ਇਹ ਉਹ ਗੁਣ ਹਨ ਜੋ ਨਿੱਜੀ ਅਤੇ ਪੇਸ਼ਾਵਰ ਸਫਲਤਾ ਲਈ ਜ਼ਰੂਰੀ ਹੁੰਦੇ ਹਨ। (ਚਲਦਾ)
ਲਾਇਬ੍ਰੇਰੀਆਂ ਅਕਸਰ ਸਮਾਜਿਕ ਇਵੈਂਟਾਂ ਵੀ ਆਯੋਜਿਤ ਕਰਦੀਆਂ ਹਨ, ਜਿਵੇਂ ਕਿ ਮਾਪਿਆਂ ਲਈ ਵਰਕਸ਼ਾਪਾਂ, ਸਭਿਆਚਾਰਕ ਮੇਲੇ, ਅਤੇ ਵੋਲੰਟੀਅਰ ਮੌਕੇ। ਇਹ ਪਹਿਲਕਦਮ ਵਿਦਿਆਰਥੀਆਂ ਨੂੰ ਆਪਣੇ ਸਮਾਜਾਂ ਨਾਲ ਸਰਗਰਮੀ ਨਾਲ ਜੁੜਨ ਲਈ ਉਤਸ਼ਾਹਿਤ ਕਰਦੀਆਂ ਹਨ ਅਤੇ ਨਾਗਰਿਕ ਜ਼ਿੰਮੇਵਾਰੀ ਦੇ ਮਹੱਤਵ ਨੂੰ ਸਮਝਾਉਂਦੀਆਂ ਹਨ।
ਵਿੱਦਿਅਕ ਤੇ ਤਕਨੀਕੀ ਸਿੱਖਿਆ ਡਿਜ਼ੀਟਲ ਯੁੱਗ ਵਿੱਚ ਬਹੁਤ ਤੇਜ਼ੀ ਨਾਲ ਵਿਕਸਤ ਹੋ ਰਹੀ ਹੈ। ਇਸ ਚੱਲਣ ਦੌਰਾਨ ਲਾਇਬ੍ਰੇਰੀਆਂ ਨੂੰ ਆਪਣੀ ਭੂਮਿਕਾ ਨੂੰ ਨਿਖਾਰਨਾ ਚਾਹੀਦਾ ਹੈ ਫ਼ੇਰ ਹੀ ਉਹ ਵਿਦਿਆਰਥੀਆਂ ਦੇ ਵਿਕਾਸ ਲਈ ਆਪਣੀ ਬੰਨੀ ਹੋਈ ਵਚਨਬੱਧਤਾ ਨੂੰ ਕਾਇਮ ਰੱਖਣਗੀਆਂ। ਨਵੀਨਤਮ ਤਕਨੀਕਾਂ ਅਤੇ ਨਵੀਨਤਮ ਅਭਿਆਸਾਂ ਨੂੰ ਅਪਨਾਉਂਦੇ ਹੋਏ, ਲਾਇਬ੍ਰੇਰੀਆਂ ਵਿਦਿਆਰਥੀਆਂ ਲਈ ਗਿਆਨ, ਰਚਨਾਤਮਕਤਾ ਅਤੇ ਸਮਾਜਿਕ ਸਹਿਯੋਗ ਦੇ ਮੁੱਲ ਵਾਲੇ ਸਰੋਤ ਬਣ ਸਕਦੀਆਂ ਹਨ ।

(ਸਮਾਪਤ)


ਲੇਖਕ:
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ।

# 21ਵੀਂ ਸਦੀ ਦਾ ਸਮਰੱਥ ਗਵੱਈਆ : ਸਿੱਧੂ ਮੂਸੇ ਵਾਲਾ



(ਲੜੀਵਾਰ ਲੇਖ ਕਿਸ਼ਤ 3)
ਦੇਸ਼ ਵਿਦੇਸ਼ ਵਿੱਚ ਬੈਠੇ ਸਭ ਗੋਰੇ-ਕਾਲੇ ਲੋਕ ਉਸ ਦੀ ਆਵਾਜ਼ ਦੇ ਦੀਵਾਨੇ ਹੋ ਤੁਰੇ। ਸਿੱਧੂ ਜਿੱਥੇ ਪੈਰ ਜਾ ਧਰਦਾ ਜਾਂ ਉਸ ਬਾਰੇ ਬੋਲਦਾ ਤਾਂ ਉਹ ਬਹੁਮੁੱਲੀ ਹੋ ਆਪਣੀ ਪ੍ਰਸਿੱਧੀ ਹਾਸਿਲ ਕਰ ਲੈਂਦੀ।ਜੋ ਵੀ ਸਿੱਧੂ ਦੇ ਸਪਰਸ਼ ਵਿੱਚ ਆਇਆ ਉਹ ਆਪਣੀ ਗੁਣਵੱਤਾ ਨੂੰ ਦਰਸਾਉਂਦੀ।ਜੇ ਸਿੱਧੂ ਨੂੰ ਅਸੀਂ ਪੰਜਾਬੀ ਗਾਇਕੀ ਦਾ ਪਾਰਸ ਕਹਿ ਦੇਈਏ ਤਾਂ ਇਸ ਵਿੱਚ ਕੋਈ ਅਤਿਕਥਨੀ ਨਹੀਂ ਹੋਵੇਗੀ ਕਿਉਂਕਿ ਸਿੱਧੂ ਨੇ ਜਿਸ ਗੀਤ ਜਾਂ ਗਾਇਕ ਨਾਲ ਆਪਣੀ ਆਵਾਜ਼ ਦਾ ਸੁਮੇਲ ਕੀਤਾ ਉਹ ਦਿਨਾਂ ਵਿੱਚ ਸਟਾਰ ਬਣਦਾ ਹੋਇਆ ਉੱਚਾ ਨਾਮਣਾ ਖੱਟਣ ਲੱਗਾ ਜਿਵੇਂ ਕਿ:- ਗੁਲਾਬ ਸਿੱਧੂ, ਪ੍ਰੇਮ ਢਿੱਲੋਂ, ਅਮ੍ਰਿਤ ਮਾਨ, ਬਿਗ ਬਰਡ,ਆਰ ਨੇਤ, ਜਸਵਿੰਦਰ ਬਰਾੜ ਤੇ ਲਾਭ ਹੀਰਾ ਵਰਗੇ ਅਨੇਕਾਂ ਹੋਰ ਕਲਾਕਾਰ। ਆਪਣੀ ਆਵਾਜ਼ ਅਤੇ ਸ਼ਬਦਾਂ ਦੇ ਨਾਲ ਸਮੇਂ ਤੇ ਸੱਚ ਦੀ ਸੱਟ ਮਾਰਨ ਵਾਲੇ ਸਿੱਧੂ ਮੂਸੇ ਵਾਲੇ ਨੇ ਆਪਣੀ ਕਲਾ ਦਾ ਅਜਿਹਾ ਜ਼ਲਜ਼ਲਾ ਲਿਆਂਦਾ ਕਿ ਉਸ ਨੇ ਸਭ ਕੁਝ ਆਪਣੇ ਵਿੱਚ ਸਮੇਟ ਲਿਆ। ਗਾਇਕੀ ਦੀਆਂ ਸ਼ਿਖਰਾਂ ਨੂੰ ਛੋਹਣ ਵਾਲਾ ਸਿੱਧੂ ਮੂਸੇ ਵਾਲਾ ਥੋੜ੍ਹੇ ਹੀ ਸਮੇਂ ਵਿੱਚ ਗੀਤਕਾਰ,ਕੰਪੋਜ਼ਰ, ਐਕਟਰ ਅਤੇ ਰਾਜਨੀਤਕ ਲੋਕਾਂ ਦੀ ਜ਼ਿੰਦਗੀ ਜਿਉਣ ਵਾਲਾ ਪਤਾ ਨਹੀਂ ਕਿਉਂ ਇੰਨ੍ਹੀਂ ਨਫ਼ਰਤ ਦਾ ਪਾਤਰ ਬਣਿਆ ਕਿ ਉਹ ਜਿਉਂ ਜਿਉਂ ਤਰੱਕੀ ਦੀ ਰਾਹੇ ਤੁਰਿਆ ਉਹ ਤਿਉਂ ਤਿਉਂ ਉਹ ਵਿਵਾਦਾਂ ਦੇ ਘੇਰੇ ਚੋਂ ਘਿਰਦਾ ਹੋਇਆ ਇੱਕ ਵਿਵਾਦਿਤ ਕਲਾਕਾਰ ਦੇ ਰੂਪ ਵਿੱਚ ਉਭਰ ਕੇ ਸਾਡੇ ਸਾਹਮਣੇ ਆਇਆ। ਆਖ਼ਰਕਾਰ 29 ਮਈ 2022 ਦਿਨ ਐਤਵਾਰ ਨੂੰ ਢਲਦੀ ਸ਼ਾਮ ਦੇ ਨਾਲ 5.30 ਦੇ ਕਰੀਬ ਆਪਣੇ ਹੀ ਮਾਨਸਾ ਜ਼ਿਲ੍ਹੇ ਦੇ ਪਿੰਡ ਜਵਾਹਰਕੇ ਵਿਖੇ ਦਹਿਸ਼ਤਗਰਦਾਂ ਹੱਥੋਂ ਮੌਤ ਦਾ ਸ਼ਿਕਾਰ ਹੋ ਗਿਆ। ਜਾਂਦਾ ਜਾਂਦਾ ਸਿੱਧੂ ਆਪਣੀ ਜਨਮ ਭੋਇੰ ਪਿੰਡ ਮੂਸੇ ਦੇ ਨਾਲ ਨਾਲ ਉਸ ਪਿੰਡ ਜਵਾਹਰਕੇ ਨੂੰ ਵੀ ਦੁਨੀਆ ਵਿੱਚ ਰੌਸ਼ਨ ਕਰ ਗਿਆ ਜਿੱਥੇ ਉਸ ਨਾਲ ਜ਼ਿੰਦਗੀ ਦਾ ਇਹ ਘਟਨਾਕ੍ਰਮ ਹੋਇਆ। 21ਵੀਂ ਸਦੀ ਦਾ ਇਹ ਸਮਰੱਥ ਗਵੱਈਆ ਸਿੱਧੂ ਮੁੱਸੇ ਵਾਲਾ ਅੱਜ ਭਾਵੇਂ ਸਰੀਰਕ ਤੌਰ ਤੇ ਸਾਡੇ ਵਿਚਕਾਰ ਮੌਜੂਦ ਨਹੀਂ ਪਰ ਉਹ ਆਪਣੀ ਕਲਾ ਦੇ ਜ਼ਰੀਏ ਸਾਡੇ ਵਿਚੋਂ ਵਿਚਰ ਰਿਹਾ ਹੈ। ਉਸ ਦਾ ਆਉਣ ਵਾਲਾ ਗੀਤ ਉਸ ਦੀ ਨਿਰਪੱਖਤਾ ਦਾ ਸਬੂਤ ਦਿੰਦਾ ਹੋਇਆ ਉਸਦੀ ਮੌਜੂਦਗੀ ਦਾ ਅਹਿਸਾਸ ਕਰਵਾ ਰਿਹਾ ਹੈ।

(ਸਮਾਪਤ)


ਲੇਖਕ:
ਸਰੂਪ ਸਿੰਘ,
ਚੌਧਰੀ ਮਾਜਰਾ (ਨਾਭਾ)
ਮੋ: 99886-27880

# ਸਿੱਖਿਆ ਦਾ ਮਹਾਂ ਜਸ਼ਨ' ਤਹਿਤ ਸੁਤੰਤਰਤਾ ਸੰਗਰਾਮੀ ਖਜ਼ਾਨ ਸਿੰਘ ਸਰਕਾਰੀ ਹਾਈ ਸਕੂਲ ਬਦਰਾ ਵਿਖੇ ਪੀਟੀਐਮ ਤੇ ਮਾਪੇ ਵਰਕਸ਼ਾਪ ਦਾ ਆਯੋਜਨ

ਫਤਿਹ ਟਾਈਮਜ਼



ਬਰਨਾਲਾ, 1 ਜੂਨ (ਪ ਪ) ਪੂਰੇ ਭਾਰਤ ਵਿੱਚੋਂ ਸਿੱਖਿਆ ਖੇਤਰ ਵਿੰਚ ਪੰਜਾਬ ਰਾਜ ਦੇ ਪਹਿਲੇ ਨੰਬਰ 'ਤੇ ਆਉਣ ਸਬੰਧੀ 'ਸਿੱਖਿਆ ਦਾ ਮਹਾਂ ਜਸ਼ਨ' ਸਮਾਗਮ ਤਹਿਤ ਸੁਤੰਤਰਤਾ ਸੰਗਰਾਮੀ ਖਜ਼ਾਨ ਸਿੰਘ ਸਰਕਾਰੀ ਹਾਈ ਸਕੂਲ ਬਦਰਾ ਵਿਖੇ ਮਾਪੇ-ਅਧਿਆਪਕ ਮਿਲਣੀ ਅਤੇ ਮਾਪੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਡੀਪੀਈ ਹਰਜੀਤ ਸਿੰਘ ਜੋਗਾ ਨੇ ਦੱਸਿਆ ਕਿ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਬਰਨਾਲਾ ਸੁਨੀਤਇੰਦਰ ਸਿੰਘ ਅਤੇ ਉੱਪ-ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਬਰਨਾਲਾ ਡਾ. ਬਰਜਿੰਦਰਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਰਵਾਏ ਗਏ ਇਸ ਸਮਾਗਮ ਵਿੱਚ ਬੋਰਡ ਪ੍ਰੀਖਿਆਵਾਂ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ, ਸਕੂਲ ਆਫ ਐਮੀਨੈਂਸ ਤੇ ਮੈਰੀਟੋਰੀਅਸ ਸਕੂਲਾਂ ਦੀ ਦਾਖਲਾ ਪ੍ਰੀਖਿਆ ਪਾਸ ਕਰਨ ਵਾਲੇ ਅਤੇ ਹੋਰ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਸਰਟੀਫਿਕੇਟ ਦੇ ਕੇ ਸਨਮਾਨ ਕੀਤਾ ਗਿਆ। ਅਧਿਆਪਕ ਨਿਰਮਲ ਸਿੰਘ ਨੇ ਮਾਪੇ-ਅਧਿਆਪਕ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਵਿਦਿਆਰਥੀਆਂ ਦੀਆਂ ਪੜ੍ਹਾਈ ਸਬੰਧੀ ਸਮੱਸਿਆਵਾਂ ਨੂੰ ਦੂਰ ਕਰਨ ਵਿੱਚ ਮਾਪਿਆਂ ਅਤੇ ਅਧਿਅਪਾਕਾਂ ਦੇ ਆਪਸੀ ਤਾਲਮੇਲ ਦੀ ਲੋੜ 'ਤੇ ਜੋਰ ਦਿੱਤਾ। ਸਕੂਲ ਮੁਖੀ ਰਘੁਵੀਰ ਸਿੰਘ ਨੇ ਵਰਕਸ਼ਾਪ ਵਿੱਚ ਪਹੁੰਚੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਾਪੇ-ਅਧਿਆਪਕ ਮਿਲਣੀ ਦਾ ਉਦੇਸ਼ ਮਾਪਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਹੋ ਰਹੇ ਗੁਣਾਤਮਕ ਸੁਧਾਰਾਂ ਬਾਰੇ ਜਾਣੂ ਕਰਵਾਉਣਾ ਹੈ। ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਕੂਲ ਅਧਿਆਪਕਾਂ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਪਰਸਨ ਜਸਵਿੰਦਰ ਕੌਰ ਤੇ ਸਮੂਹ ਮੈਨੇਜਮੈਂਟ ਕਮੇਟੀ ਮੈਂਬਰਾਂ ਸਮੇਤ ਸਕੂਲ ਮੁਖੀ ਰਘੁਵੀਰ ਸਿੰਘ, ਅਵਤਾਰ ਸਿੰਘ, ਕੁਲਵੰਤ ਸਿੰਘ, ਨਿਰਮਲ ਸਿੰਘ, ਹਰਜੀਤ ਸਿੰਘ ਜੋਗਾ, ਸਮੂਹ ਵਿਦਿਆਰਥੀ ਅਤੇ ਉਹਨਾਂ ਦੇ ਮਾਤਾ-ਪਿਤਾ ਮੌਜੂਦ ਸਨ।

# ਸ੍ਰ ਰਜਿੰਦਰ ਸਿੰਘ ਮਰਵਾਹਾ ਦੀ ਅਗਵਾਈ ਹੇਠ ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਵੱਲੋਂ ਤਨਿਸ਼ਕ ਸ਼ੋਰੂਮ ਨਿਊ ਅੰਮ੍ਰਿਤਸਰ ਵਿੱਚ ਵਪਾਰ-ਉਭਾਰ ਅਤੇ ਉੱਤਮ ਗਾਹਕ ਸੇਵਾ ਸਬੰਧੀ ਸੈਮੀਨਾਰ

ਫਤਿਹ ਟਾਈਮਜ਼



ਅੰਮ੍ਰਿਤਸਰ 1 ਜੂਨ (ਪ ਪ) ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਪੰਜਾਬ ਦੇ ਨਿਰਧਾਰਤ ਉਦੇਸ਼ਾਂ ਦੀ ਪੂਰਤੀ ਹਿੱਤ ਚੇਅਰਮੈਨ ਸ੍ਰ. ਰਜਿੰਦਰ ਸਿੰਘ ਮਰਵਾਹਾ ਦੇ ਵਡੇਰੇ ਉੱਦਮ ਸਦਕਾ ਨਿਊ ਅੰਮ੍ਰਿਤਸਰ ਦੇ ਐਨ ਸਾਹਮਣੇ ਜਰਨੈਲੀ ਸੜਕ ਸਥਿਤ ਤਨਿਸ਼ਕ ਸ਼ੋਰੂਮ ਵਿੱਚ ਇੱਕ ਪ੍ਰਭਾਵਸ਼ਾਲੀ ਸੈਮੀਨਾਰ ਆਯੋਜਿਤ ਕੀਤਾ ਗਿਆ। ਪ੍ਰਭਾਵਸ਼ਾਲੀ ਵਕਤਾ ਸ਼੍ਰੀ ਪਰਦੀਪ ਮਲਿਕ ਨੇ ਆਏ ਪਤਵੰਤੇ ਹਾਜ਼ਰੀਨ ਦਾ ਭਾਵਪੂਰਤ ਸ਼ਬਦਾਂ ਵਿੱਚ ਇਸਤਕਬਾਲ ਕੀਤਾ। ਸੈਮੀਨਾਰ ਦੇ ਪ੍ਰਯੋਜਨ ਬਾਰੇ ਵਿਚਾਰ ਪ੍ਰਗਟ ਕਰਦਿਆਂ ਹੋਇਆਂ ਸ੍ਰ. ਰਜਿੰਦਰ ਸਿੰਘ ਮਰਵਾਹਾ ਨੇ ਕਿਹਾ ਕਿ ਸ਼੍ਰੀ ਅੰਮ੍ਰਿਤਸਰ ਸਹਿਬ ਦੀ ਆਰਥਿਕ ਖ਼ੁਸ਼ਹਾਲੀ ਲਈ ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਪੰਜਾਬ ਹਰ ਤਰ੍ਹਾਂ ਯਤਨਸ਼ੀਲ ਹੈ। ਵਿਸ਼ਵ ਅਤੇ ਖਾਸ ਤੌਰ ਤੇ ਹਿੰਦੁਸਤਾਨ ਦੇ ਹਰੇਕ ਸ਼ਹਿਰ ਵਿੱਚ ਸੋਨੇ ਦੇ ਗਹਿਣਿਆਂ ਦੇ ਡਿਜ਼ਾਇਨ ਨਿਰਮਾਣ ਵਿੱਚ ਹਾਸਲ ਕੀਤੇ ਉੱਚਤਮ ਮਿਆਰ ਅਤੇ ਸ਼ੁਧਤਾ ਵਿੱਚ ਸਟੀਕ ਭਰੋਸੇਯੋਗਤਾ ਦੇ ਅਧਾਰ ਤੇ ਤਨਿਸ਼ਕ ਨੇ ਵਕਾਰੀ ਭੱਲ ਖੱਟੀ ਹੈ। ਸ੍ਰ. ਰਜਿੰਦਰ ਸਿੰਘ ਮਰਵਾਹਾ ਵੱਲੋਂ ਹਾਜ਼ਰ ਪਤਵੰਤੇ ਸ਼ਹਿਰੀਆਂ ਅਤੇ ਬੀਬੀਆਂ ਨੂੰ ਸੁਝਾਅ ਦਿੱਤਾ ਕਿ ਸੋਨੇ ਦੇ ਗਹਿਣਿਆਂ ਦੀ ਖਰੀਦਦਾਰੀ ਕਰਨ ਸਮੇਂ ਤਨਿਸ਼ਕ ਦੇ ਮਿਆਰ ਅਤੇ ਸ਼ੁਧਤਾ ਨੂੰ ਧਿਆਨ ਵਿੱਚ ਰੱਖਿਆ ਜਾਵੇ। ਅੰਮ੍ਰਿਤਸਰ ਵਿਕਾਸ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ ਨੇ ਅੰਮ੍ਰਿਤਸਰ ਦੀ ਵਪਾਰਕ ਵਿਰਾਸਤ ਬਾਰੇ ਤੱਥ ਪ੍ਰਗਟਾਏ ਕਿ ਸ਼੍ਰੀ ਗੁਰੂ ਰਾਮਦਾਸ ਜੀ ਨੇ " ਗੁਰੂ ਕਾ ਚੱਕ "(ਅੰਮ੍ਰਿਤਸਰ) ਵਸਾਉਣ ਸਮੇਂ ਬਵੰਜਾ ਕਿਸਬਾਂ ਦੇ ਵਪਾਰੀਆਂ ਨੂੰ ਰਹਿਣ ਸਹਿਣ ਦੀਆਂ ਮੁਫ਼ਤ ਸਹੂਲਤਾਂ ਪ੍ਰਦਾਨ ਕਰਕੇ ਨੂੰ ਸ਼ਹਿਰ ਦੇ ਵਸਨੀਕ ਬਣਾ ਲਿਆ ਸੀ। ਮਹਾਰਾਜਾ ਰਣਜੀਤ ਸਿੰਘ ਸਮੇਂ ਅੰਮ੍ਰਿਤਸਰ ਦੇ ਸਿਖਰਾਂ ਛੂੰਹਦੇ ਵਪਾਰ ਅਤੇ ਕਾਰੋਬਾਰ ਦੇ ਅਧਾਰ ਤੇ ਆਰਥਿਕ ਨੂੰ ਬੁਲੰਦੀਆਂ ਤੇ ਪਹੁੰਚਾ ਦਿੱਤਾ ਗਿਆ। ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਦੇ ਸੁਹਿਰਦ ਆਗੂ ਇਸ ਯਤਨ ਵਿੱਚ ਹਨ ਕਿ ਅੰਮ੍ਰਿਤਸਰ ਦਾ ਵਪਾਰ ਕਾਰੋਬਾਰ ਆਪਣੇ ਸ਼ਾਨਾਮੱਤੇ ਵਿਰਸੇ ਨੂੰ ਸੁਰਜੀਤ ਕਰਨ ਵਿੱਚ ਸਫਲਤਾ ਹਾਸਲ ਕਰ ਲਏ। ਪ੍ਰਸਿੱਧ ਅਦਾਕਾਰ ਅਰਵਿੰਦਰ ਸਿੰਘ ਭੱਟੀ ਨੇ ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਪੰਜਾਬ ਦੇ ਉਪਰਾਲਿਆਂ ਦੀ ਸਲਾਹੁਤਾ ਕੀਤੀ ਅਤੇ ਸੁਰੀਲੀ ਆਵਾਜ਼ ਵਿੱਚ ਗੀਤ ਸੁਣਾ ਕੇ ਮਾਹੌਲ ਨੂੰ ਖ਼ੁਸ਼ਗਵਾਰ ਬਣਾ ਦਿੱਤਾ। ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਅੰਮ੍ਰਿਤਸਰ ਦੇ ਚੇਅਰਮੈਨ ਸ੍ਰ. ਹਰਪ੍ਰੀਤ ਸਿੰਘ ਭਾਟੀਆ ਨੇ ਤਨਿਸ਼ਕ ਸ਼ੋਰੂਮ ਦੇ ਸੰਚਾਲਕਾਂ ਦਾ ਭਾਵਭਿੰਨੀ ਪ੍ਰਾਹੁਣਚਾਰੀ ਲਈ ਸ਼ੁਕਰੀਆ ਅਦਾ ਕੀਤਾ। ਤਨਿਸ਼ਕ ਸ਼ੋਰੂਮ ਦੇ ਮੁੱਖ ਸੰਚਾਲਕ ਅਤੇ ਪ੍ਰਬੰਧਕ ਸ਼੍ਰੀ ਕਾਰਤਿਕ ਸੂਦ ਨੇ ਤਨਿਸ਼ਕ ਕੰਪਨੀ ਵੱਲੋਂ ਗਾਹਕਾਂ ਲਈ ਸ਼ੁਰੂ ਕੀਤੀਆਂ ਲੁਭਾਉਣੀਆਂ ਸਕੀਮਾਂ ਦਾ ਪ੍ਰਭਾਵਸ਼ਾਲੀ ਵਿਵਰਣ ਦਿੱਤਾ।

# ਭਾਈ ਮਧੂਪਾਲ ਸਿੰਘ ਗੋਗਾ ਦੇ ਗ੍ਰਹਿ ਵਿਖੇ ਹੋਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਹੰਗਾਮੀ ਮੀਟਿੰਗ



ਫਤਿਹ ਟਾਈਮਜ਼

ਅੰਮ੍ਰਿਤਸਰ, 1 ਜੂਨ (ਪ ਪ) ਸ਼੍ਰੋਮਣੀ ਅਕਾਲੀ ਦੱਲ ਪੁਨਰ ਸੁਰਜੀਤ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਆਦੇਸ਼ ਨੂੰ ਮੁੱਖ ਰੱਖਦਿਆਂ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਭਾਈ ਮਧੁਪਾਲ ਸਿੰਘ ਗੋਗਾ (ਅੰਮ੍ਰਿਤਸਰ) ਹਲਕਾ ਦੱਖਣੀ ਤਰਨਤਾਰਨ ਰੋਡ ਓਨਾ ਦੇ ਗ੍ਰਹਿ ਵਿਖੇ ਪੰਥਕ ਹਮਾਇਤੀਆਂ ਦਾ ਪ੍ਰਭਾਵਸ਼ਾਲੀ ਇਕੱਠ ਹੋਇਆ।

ਭਾਈ ਮਧੂਪਾਲ ਸਿੰਘ ਗੋਗਾ ਨੇ ਦੱਸਿਆ ਮੀਟਿੰਗ ਵਿੱਚ ਪੰਥਕ ਇਕੱਤਰਤਾ ਵਿੱਚ ਹਮਖਿਆਲੀ ਜਥੇਬੰਦੀਆ ਅਤੇ ਪੰਥਕ ਧਿਰਾਂ ਨੂੰ ਇੱਕਠੇ ਹੋਣ ਦੀ ਲੋੜ ਨੂੰ ਤਰਜੀਹ ਦਿੱਤੀ ਗਈ ਅਤੇ ਪੰਜਾਬ ਦੇ ਮੌਜੂਦਾ ਹਾਲਾਤਾਂ ਤੇ ਚਿੰਤਾ ਪ੍ਰਗਟ ਕੀਤੀ ਮੀਟਿੰਗ ਵਿੱਚ ਹਾਜ਼ਰ ਪੰਥਕ ਆਗੂਆਂ ਸ ਪਰਵਿੰਦਰ ਸਿੰਘ ਵਾਰਿਸ ਪੰਜਾਬ, ਹਰਜੀਤ ਸਿੰਘ ਖਾਲਸਾ ਅਕਾਲੀ, ਭੁਪਿੰਦਰ ਸਿੰਘ ਅਕਾਲੀ, ਅਦਰਸ਼ਪਾਲ ਸਿੰਘ ਕੰਬੋਜ ਅਕਾਲੀ , ਸੁਦਾਗਰ ਸਿੰਘ, ਮਾਸਟਰ ਦਿਲਬਾਗ ਸਿੰਘ ਅਤੇ ਸ,ਸਰਵਣ ਸਿੰਘ ਮਾਹਲ, ਗੁਰਦੀਪ ਸਿੰਘ ਨਾਗੀ, ਪਲਵਿੰਦਰ ਸਿੰਘ ਰਾਮਗੜੀਆ, ਚਰਨਜੀਤ ਸਿੰਘ ਸਾਰੇ ਸਾਬਕਾ ਫੇਡਰੇਸ਼ਨ ਆਗੁ ਨੇ ਸਾਂਝੇ ਤੌਰ ਤੇ ਕੇਂਦਰ ਤੋਂ ਚਲਣ ਵਾਲੀਆ ਪਾਰਟੀਆਂ ਦਾ ਖੰਡਣ ਕੀਤਾ ਅਤੇ ਖੇਤਰੀ ਪਾਰਟੀ ਨੂੰ ਤਰਜੀਹ ਦੇਣ ਦਾ ਫੈਸਲਾ ਲਿਆ ਮੀਟਿੰਗ ਵਿੱਚ ਹਾਜ਼ਰ ਪੰਥਕ ਹਮਾਇਤੀਆਂ ਨੂੰ ਭਾਈ ਮਧੂਪਾਲ ਸਿੰਘ ਗੋਗਾ ਨੇ ਵਿਸ਼ਵਾਸ਼ ਦਿਵਾਇਆ ਕਿ ਉਹ ਓਹਨਾਂ ਦੇ ਪੰਥਕ ਸੋਚ ਤੇ ਪਹਿਰਾ ਦੇਣ ਵਾਲੇ ਵਿਚਾਰਾਂ ਅਤੇ ਪੰਥਕ ਜਥੇਬੰਦੀਆਂ ਦੀ ਇਕਜੁੱਟਤਾ ਨੂੰ ਤਰਜ਼ੀਹ ਦੇਣ ਦੇ ਵਿਚਾਰਾਂ ਨੂੰ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਕੋ਼ਲ ਜ਼ਰੂਰ ਪਹੁਚਾਉਂਗੇ ਤਾਂ ਜ਼ੋ ਪੰਜਾਬ ਦੇ ਲੋਕਾਂ ਨੂੰ ਇਨਸਾਫ਼ ਦਿਵਾਉਣ ਅਤੇ ਪੰਜਾਬ ਦੇ ਭੱਖਦੇ ਮੁੱਖ ਮੁੱਦਿਆ ਦਾ ਹੱਲ ਕੱਢਿਆ ਜਾ ਸਕੇ।ਮੀਟਿੰਗ ਵਿੱਚ ਹੋਰਨਾ ਤੋਂ ਇਲਾਵਾ ਇੰਦਰਜੀਤ ਸਿੰਘ ਗੋਗਾ , ਪ੍ਰਦੀਪ ਸਿੰਘ, ਅਮਰਜੀਤ ਸਿੰਘ ਸੋਨੂੰ, ਭੁਪਿੰਦਰ ਸਿੰਘ ਬਾਠ, ਸਤਪਾਲ ਸਿੰਘ,ਕਿਰਪਾਲ ਸਿੰਘ ,ਹਰਦੇਵ ਸਿੰਘ ਹਾਜ਼ਰ ਸਨ।

ਦਰਸ਼ਨ ਬੇਕਰੀ

ਮੇਨ ਰੋਡ ਫਤਿਆਬਾਦ, (ਤਰਨ ਤਾਰਨ)

ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।



ਕੁਲਜੀਤ ਸਿੰਘ ਲਾਡੀ

ਸੰਪਰਕ : 98721-51544, 98559-21544

# ਅਕਾਲੀ ਦਲ ਦੇ ਗੜ ਪੱਖੋਕੇ ਵਿੱਚ ਕਾਂਗਰਸ ਪਾਰਟੀ ਦਾ ਸਿੱਕੀ ਦੀ ਅਗਵਾਈ ਹੇਠ ਜ਼ਬਰਦਸਤ ਪਲਟਾ





ਫਤਿਹ ਟਾਈਮਜ਼

**ਬਹੁ ਗਿਣਤੀ ਪਰਿਵਾਰਾਂ ਸਿੱਕੀ ਦੀ ਅਗਵਾਈ ਹੇਠ ਫੜਿਆ ਕਾਂਗਰਸ ਦਾ ਪੱਲਾ।**

ਖਡੂਰ ਸਾਹਿਬ, 1 ਜੂਨ (ਐਸ ਐਸ ਸੰਧਾ) ਜਿਉਂ ਜਿਉਂ ਵਿਧਾਨ ਸਭਾ ਚੋਣਾਂ ਦਾ ਸਮਾਂ ਨਜ਼ਦੀਕ ਆਉਂਦਾ ਜਾ ਰਿਹਾ ਹੈ ਤਿਉਂ ਤਿਉਂ ਸੂਬੇ ਵਿਚ ਰਾਜਨੀਤਕ ਸਰਗਰਮੀਆਂ ਤੇਜ਼ ਕਦਮਾਂ ਨਾਲ ਅੱਗੇ ਵਧ ਰਹੀਆਂ ਹਨ। ਇਸੇ ਤਰ੍ਹਾਂ ਹੀ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿੱਚ ਵੀ ਸਰਦਾਰ ਰਮਨਜੀਤ ਸਿੰਘ ਸਿੱਕੀ ਸਾਬਕਾ ਵਿਧਾਇਕ ਅਤੇ ਸੀਨੀਅਰ ਕਾਂਗਰਸ ਆਗੂ ਦੀ ਅਗਵਾਈ ਹੇਠ ਵੀ ਦਿਨੋਂ ਦਿਨ ਕਾਂਗਰਸ ਪਾਰਟੀ ਮਜ਼ਬੂਤੀ ਨਾਲ ਅੱਗੇ ਵੱਧ ਰਹੀ ਹੈ । ਬੀਤੇ ਕੱਲ੍ਹ ਹਲਕੇ ਦੇ ਅਕਾਲੀ ਦਲ ਦੇ ਗੜ੍ਹ ਮੰਨੇ ਜਾਂਦੇ ਪਿੰਡ ਪੱਖੋਕੇ ਵਿੱਚ ਸਰਦਾਰ ਰਮਨਜੀਤ ਸਿੰਘ ਸਿੱਕੀ ਦੀ ਮੌਜੂਦਗੀ ਵਿੱਚ ਇਕ ਪਿੰਡ ਵਾਸੀਆਂ ਦਾ ਬਹੁਤ ਵੱਡਾ ਇਕੱਠ ਹੋਇਆ। ਜਿਸ ਵਿੱਚ ਨੌਜਵਾਨਾਂ, ਬਜ਼ੁਰਗਾਂ ਅਤੇ ਮਹਿਲਾਵਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਅਤੇ ਇੱਕ ਬਹੁਤ ਵੱਡੀ ਤਾਦਾਦ ਵਿੱਚ ਅਕਾਲੀ ਦਲ,ਆਮ ਆਦਮੀ ਪਾਰਟੀ ਅਤੇ ਬੀਜੇਪੀ ਆਦਿ ਸਿਆਸੀ ਪਾਰਟੀਆਂ ਨੂੰ ਦਰਕਿਨਾਰ ਕਰਕੇ ਸੀਨੀਅਰ ਕਾਂਗਰਸ ਆਗੂ ਸਰਦਾਰ ਪ੍ਰਗਟ ਸਿੰਘ ਸਮਰਾ (ਪੱਖੋਕੇ), ਚੇਅਰਮੈਨ ਅਵਤਾਰ ਸਿੰਘ ਪੱਖੋਕੇ,ਬਾਬਾ ਬਲਕਾਰ ਸਿੰਘ ਬਿੱਲੂ,ਬਲਾਕ ਸੰਮਤੀ ਮੈਂਬਰ ਨਵਕੰਵਰਪਾਲ ਸਿੰਘ ,ਬੁੱਧ ਸਿੰਘ, ਗੁਰਭੇਜ ਸਿੰਘ ਰਾਜਬੀਰ ਸਿੰਘ ਆੜ੍ਹਤੀਆ, ਆਦਿ ਸ਼ਖ਼ਸੀਅਤਾਂ ਦੀ ਪ੍ਰੇਰਨਾ ਸਦਕਾ, ਇਹਨਾਂ ਸ਼ਖ਼ਸੀਅਤਾਂ ਜਿਹਨਾਂ ਵਿੱਚ ਸ਼ਾਮਿਲ, ਰਾਜ ਸਿੰਘ ਟੈਂਟ ਵਾਲੇ, ਨਿਸ਼ਾਨ ਸਿੰਘ ਸਰਪੰਚ ਸਾਬਕਾ, ਬਿੱਟੂ ਠੇਕੇਦਾਰ, ਸਾਹਿਬ ਸਿੰਘ, ਚਾਂਦੀ ਸਿੰਘ,ਬੀਰ ਸਿੰਘ,ਕਾਲਾ ਬੇਰੀ ਵਾਲਾ,ਸਨੀ ਸਿੰਘ, ਗੁਰਭੇਜ ਸਿੰਘ, ਅਮਰੀਕ ਸਿੰਘ, ਬਾਬਾ ਟੀਟੀ, ਬਾਬਾ ਬਿੱਟੂ,ਦੇਬਾ ਹਲਵਾਈ,ਮਨੀ ਠੇਕੇਦਾਰ ਬਾਗਾ ਗੁਰਬਾਜ਼ ਸਿੰਘ, ਦਿਲਬਾਗ ਸਿੰਘ,ਲਾਡੀ, ਪਾਸ਼ ਲਾਡੀ, ਛਿੰਦਾ ਸਿੰਘ,ਕਾਕਾ ਸਿੰਘ,ਜਿੰਦਰ ਸਿੰਘ,ਸੋਨਾ ਸਿੰਘ,ਸੋਨਾ ਸਿੰਘ, ਕੇਵਲ ਸਿੰਘ,ਟੋਨਾ ਸਿੰਘ, ਮਨਜਿੰਦਰ ਸਿੰਘ,ਪਿੰਕੂ ਸਿੰਘ, ਗੁਰਬਖਸ਼ੀਸ਼ ਸਿੰਘ, ਹਰਜੀਤ ਸਿੰਘ,ਲਵਸਿੰਘ , ਜਗਤਾਰ ਸਿੰਘ, ਹਰਜਿੰਦਰ ਸਿੰਘ, ਆਕਾਸ਼ ਸਿੰਘ, ਅਰਸ਼,ਜੀਤੂ ਸਿੰਘ, ਅਰਸ਼,ਦੌਲਤ ਸਿੰਘ,ਗੋਖਾ ਸਿੰਘ, ਜਗੀਰ ਸਿੰਘ, ਸਤਨਾਮ ਸਿੰਘ, ਗੁਰਨਾਮ ਸਿੰਘ, ਮਨਿੰਦਰ ਸਿੰਘ,ਪਿੰਦੂ , ਗੁਰਜੰਟ ਸਿੰਘ, ਗੁਰਜੀਤ ਸਿੰਘ, ਗੋਬਿੰਦ ਸਿੰਘ, ਗੁਰਬਾਜ਼ ਸਿੰਘ, ਅਮ੍ਰਿਤ ਪਾਲ ਸਿੰਘ, ਪਵਨਦੀਪ ਸਿੰਘ, ਅਵਤਾਰ ਸਿੰਘ,ਬਿਰਾਜਦੀਪ ਸਿੰਘ ਬਲਵਿੰਦਰ ਕੌਰ, ਦਲਜੀਤ ਕੌਰ, ਰਾਜਬੀਰ ਕੌਰ, ਬਲਜਿੰਦਰ ਕੌਰ, ਸਵਿੰਦਰ ਕੌਰ, ਹਰਜੀਤ ਕੌਰ,ਭੋਲੀ,ਬਚਨ ਕੌਰ,ਸਵਰਨੀ, ਪਰਮਜੀਤ ਕੌਰ, ਨਿਰਮਲ ਕੌਰ, ਅਮਨਦੀਪ ਕੌਰ, ਕਿਰਨਪ੍ਰੀਤ ਕੌਰ, ਰਾਜਵਿੰਦਰ ਕੌਰ,ਵੀਰੋ, ਰਾਜ ਕੌਰ, ਬਲਵਿੰਦਰ ਕੌਰ, ਗੁਰਮਤਿ ਕੌਰ ਰਾਜੀ, ਸੁਰਿੰਦਰ ਕੌਰ, ਜਸਬੀਰ ਕੌਰ,ਜਿੰਦਰ ਕੌਰ, ਅਮਰਜੀਤ ਕੌਰ,ਪਿੰਦਰ ਨਿੱਕੀ,ਭੋਲੀ,ਕਿੰਦਰ,ਯਾਦਵੀਰ ਕੌਰ ਕੋਮਲ , ਕਸ਼ਮੀਰ ਕੌਰ, ਦਰਸ਼ਨ ਕੌਰ,ਗੁਰਪਿੰਦਰ ਕੌਰ, ਮਨਪ੍ਰੀਤ ਕੌਰ,ਰੱਜੀ,ਰਮਨ, ਸੁਮਨਪ੍ਰੀਤ ਕੌਰ, ਪ੍ਰੀਆ, ਮੁਸਕਾਨ, ਕੋਮਲਪ੍ਰੀਤ ਕੌਰ, ਚਰਨਪ੍ਰੀਤ ਕੌਰ, ਬਲਜੀਤ ਕੌਰ, ਹਰਪ੍ਰੀਤ ਕੌਰ, ਮਨਜੋਤ ਕੌਰ,ਗੀਤਾ,ਗੋਪੀ, ਕਮਲਜੀਤ ਕੌਰ,ਗੁਰਲੀਨ, ਜਸ਼ਨ ਅਤੇ ਬਲਵੀਰ ਕੌਰ ਬਾਗਾ ਸਿੰਘ ਟੈਂਟ ਵਾਲੇ ਆਦਿ ਨੇ ਕਾਂਗਰਸ ਪਾਰਟੀ ਦਾ ਲੜ ਫੜਿਆ। ਇਸ ਸ਼ਾਮੂਲੀਅਤ ਉਪਰੰਤ ਬੋਲਦਿਆਂ ਸਰਦਾਰ ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਜੇਕਰ ਪਿਛਲੇ ਪੰਜ ਸਾਲਾਂ ਦੀਆਂ ਸਿਆਸੀ ਕਾਰਗੁਜ਼ਾਰੀਆਂ ਵੱਲ ਧਿਆਨ ਮਾਰੀਏ ਤਾਂ ਅਕਾਲੀ ਦਲ ਹਰ ਤਰ੍ਹਾਂ ਦੀਆਂ ਚੋਣਾਂ ਵਿੱਚ ਪਾਰਟੀ ਵੱਧ ਤੋਂ ਵੱਧ ਨਿਵਾਣ ਵੱਲ ਜਾ ਰਿਹਾ ਹੈ। ਇਸਦਾ ਹੁਣ ਉਭਰਨਾ ਜਾਂ ਸੱਤਾ ਪ੍ਰਾਪਤੀ ਦਾ ਸੁਪਨਾ ਕਦੇ ਪੂਰਾ ਹੋਣਾ ਬਹੁਤ ਹੀ ਨਾਮੁਮਕਿਨ ਹੈ। ਉਹਨਾਂ ਅੱਗੇ ਕਿਹਾ ਕਿ ਰਹੀ ਗੱਲ ਆਮ ਆਦਮੀ ਪਾਰਟੀ ਦੀ, ਇਸਦੀਆਂ ਘਟੀਆ ਅਤੇ ਗੈਰ ਜਿੰਮੇਵਾਰਾਨਾ ਕਾਰਗੁਜ਼ਾਰੀਆਂ ਨੇ ਪੰਜਾਬ ਦਾ ਹੁਣ ਤੱਕ ਬਹੁਤ ਨੁਕਸਾਨ ਕਰ ਦਿੱਤਾ ਹੈ। ਦਿੱਲੀ ਅਤੇ ਹੋਰ ਰਾਜਾਂ ਦੇ ਹਾਰੇ ਨਕਾਰੇ ਆਗੂ ਪੰਜਾਬ ਵਿੱਚ ਜਿੱਥੇ ਸਰਕਾਰੀ ਸਹੂਲਤਾਂ ਦਾ ਨਾਜਾਇਜ਼ ਫਾਇਦਾ ਉਠਾ ਰਹੇ ਹਨ, ਉਥੇ ਨਾਲ ਨਾਲ ਸੂਬੇ ਦੀ ਦੋਹੀਂ ਹੱਥੀਂ ਵੱਡੇ ਪੱਧਰ ਤੇ ਲੁੱਟ ਖਸੁੱਟ ਕਰਨ ਲੱਗੇ ਹੋਏ ਹਨ। ਸੂਬਾ ਸਰਕਾਰ ਵੀ ਇਹਨਾਂ ਆਪਣੇ ਆਕਾਵਾਂ ਦਾ ਇਸ ਲੁੱਟ ਵਿੱਚ ਸਾਥ ਦੇ ਰਹੀ ਹੈ। ਇਸ ਲਈ ਪੰਜਾਬ ਨੂੰ ਬਰਬਾਦੀ ਅਤੇ ਇਹਨਾਂ ਦੀ ਲੁੱਟ ਤੋਂ ਬਚਾਉਣ ਲਈ ਸਿਰਫ ਕਾਂਗਰਸ ਪਾਰਟੀ ਹੀ ਕਾਰਗਰ ਸਾਬਤ ਹੋ ਸਕਦੀ ਹੈ। ਇਸ ਲਈ ਜਿਥੇ ਖਡੂਰ ਸਾਹਿਬ ਹਲਕੇ ਦੇ ਵਿਕਾਸ ਦੀ ਗੱਲ ਹੈ ਜਾਂ ਪੰਜਾਬ ਨੂੰ ਮਜ਼ਬੂਤੀ ਵੱਲ ਤੋਰਨ ਦੀ ਗੱਲ, ਤਾਂ ਪੰਜਾਬ ਦੇ ਹਰ ਨਾਗਰਿਕ ਨੂੰ ਆਪਣਾ ਫਰਜ਼ ਸਮਝਦੇ ਹੋਏ ਕਾਂਗਰਸ ਪਾਰਟੀ ਦੇ ਹੱਕ ਵਿੱਚ ਭੁਗਤਣਾ ਬਹੁਤ ਜ਼ਰੂਰੀ ਹੋ ਗਿਆ ਹੈ । ਇਸ ਮੌਕੇ ਤੇ ਜਿਥੇ ਉਨ੍ਹਾਂ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਤਹਿ ਦਿਲੋਂ ਧੰਨਵਾਦ ਅਤੇ ਸਵਾਗਤ ਕੀਤਾ, ਉਥੇ ਵਿਸ਼ਵਾਸ ਵੀ ਦਿਵਾਇਆ ਕਿ ਉਨ੍ਹਾਂ ਵਲੋਂ ਹਰ ਕਾਂਗਰਸ ਪਾਰਟੀ ਦੇ ਸਿਪਾਹੀ ਦਾ ਦਰਜ਼ਾ- ਬ-ਦਰਜਾ ਸਨਮਾਨ ਕੀਤਾ ਜਾਂਦਾ ਰਹੇਗਾ। ਅਤੇ ਆਉਣ ਵਾਲੇ ਸਮੇਂ ਵਿੱਚ ਉਹਨਾਂ ਨੂੰ ਸਰਕਾਰੇ ਦਰਬਾਰੇ ਦਫ਼ਤਰਾਂ ਵਿੱਚ ਖੱਜਲ ਖੁਆਰ ਨਹੀਂ ਹੋਣ ਦਿੱਤਾ ਜਾਵੇਗਾ। ਸਗੋਂ ਅਸਾਨੀ ਨਾਲ ਉਹਨਾਂ ਦੇ ਕੰਮ ਹੋਣਗੇ।ਇਸ ਮੌਕੇ ਸਰਪੰਚ ਜੋਤੀ ਬਾਗੜੀਆ, ਸਰਪੰਚ ਪਾਲਾ ਜਾਹਗੀਰ, ਸੋਨੀ ਜਾਹਗੀਰ, ਜਸਪ੍ਰੀਤ ਸਿੰਘ ਰਾਣਾ ਜਹਾਗੀਰ, ਪੀਏ ਰਣਜੀਤ ਸਿੰਘ ਰਾਣਾ ਆਡਿ ਹਾਜ਼ਰ ਸਨ।